

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ

ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 32, ਨਵੰਬਰ 2020 (ਮੱਘਰ ਸੰਮਤ ਨਾਨਕਸ਼ਾਹੀ 552) । ਮੁੱਖ ਸੰਪਾਦਕ : ਮਹਿੰਦਰ ਸਿੰਘ ਆਹਲੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com

## ਪੰਥਕ ਜਾਹੋ ਜਲਾਲ ਨਾਲ ਮਨਾਇਆ ਗਿਆ ਸ਼੍ਰੋਮਣੀ ਗੁ:ਪ੍ਰ: ਕਮੇਟੀ ਦਾ 100 ਸਾਲਾ ਸਥਾਪਨਾ ਦਿਵਸ

**ਖ਼ੁਦ ਮੁਖ਼ਤਿਆਰ ਸੰਸਥਾ ਹੋਣ ਕਰਕੇ ਸਰਕਾਰਾਂ ਨੂੰ ਹਮੇਸ਼ਾ ਚੁੱਭਦੀ ਹੈ ਸ਼੍ਰੋਮਣੀ ਕਮੇਟੀ- ਗਿਆਨੀ ਹਰਪ੍ਰੀਤ ਸਿੰਘ**

**ਧਰਮ ਪ੍ਰਚਾਰ ਅਤੇ ਪੰਥਕ ਸੇਵਾਵਾਂ ਲਈ ਟੀਚਾ ਨਿਰਧਾਰਤ ਭਵਿੱਖੀ ਯੋਜਨਾਵਾਂ ਦਾ ਐਲਾਨ**






ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ 100 ਸਾਲਾ ਸਥਾਪਨਾ ਦਿਵਸ ਅੰਮ੍ਰਿਤਸਰ ਵਿਖੇ ਖ਼ਾਲਸਈ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਇਸ ਤੋਂ ਪਹਿਲਾਂ ਸਵੇਰੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ 'ਚ ਵਿਸ਼ਾਲ ਪੰਥਕ ਸਮਾਗਮ ਦੌਰਾਨ ਸਿੰਘ ਸਾਹਿਬਾਨ ਅਤੇ ਪੰਥ ਦੀਆਂ ਸਿਰਮੌਰ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਵੱਖ-ਵੱਖ ਪੰਥਕ ਬੁਲਾਰਿਆਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਤਿਹਾਸਕ ਪਿਛੋਕੜ, ਪਿਛਲੇ ਸੌ ਸਾਲਾ ਇਤਿਹਾਸ ਦੀਆਂ ਪ੍ਰਾਪਤੀਆਂ, ਮੌਜੂਦਾ ਸਮੱਸਿਆਵਾਂ ਤੇ ਚੁਣੌਤੀਆਂ 'ਤੇ ਮੰਥਨ ਕਰਦਿਆਂ ਭਵਿੱਖੀ ਯੋਜਨਾਵਾਂ ਉਲੀਕਣ 'ਤੇ ਜ਼ੋਰ ਦਿੱਤਾ। ਇਸ ਮੌਕੇ ਜਿਥੇ ਪੰਥਕ ਏਕਤਾ ਅਤੇ ਗੁਰਦੁਆਰਿਆਂ ਦੇ ਇਕ ਰੂਪ ਪ੍ਰਬੰਧਾਂ ਲਈ ਸ਼੍ਰੋਮਣੀ ਕਮੇਟੀ ਦੀ ਭੂਮਿਕਾ ਦੀ ਸ਼ਲਾਘਾ ਕੀਤੀ ਗਈ, ਉਥੇ ਹੀ ਸਰਕਾਰਾਂ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਕਮਜ਼ੋਰ ਕਰਨ ਦੀ ਸਾਜ਼ਿਸ਼ਾਂ ਤੋਂ ਵੀ ਪੰਥ ਨੂੰ ਸੁਚੇਤ ਰਹਿਣ ਦਾ ਹੋਕਾ ਦਿੱਤਾ ਗਿਆ। ਇਸ ਇਤਿਹਾਸਕ ਇਕੱਠ ਵਿਚ ਵੱਖ-ਵੱਖ ਪੰਥ ਅਤੇ ਸਮਾਜਿਕ ਸਰੋਕਾਰਾਂ ਨਾਲ ਸਬੰਧ ਰੱਖਦੇ 11 ਵਿਸ਼ੇਸ਼ ਮਤੇ ਜੈਕਾਰਿਆਂ ਦੀ ਗੂੰਜ ਵਿਚ ਪਾਸ ਕੀਤੇ ਗਏ। ਪੰਥਕ ਸਮਾਗਮ ਦੌਰਾਨ ਅੱਜ ਦੇ ਦਿਨ ਕੌਮ ਦੇ ਨਾਂ ਸੰਦੇਸ਼ ਦਿੰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਕੇਂਦਰ ਦੀਆਂ ਸਰਕਾਰਾਂ ਨੇ ਹਮੇਸ਼ਾ ਸਿੱਖਾਂ ਪ੍ਰਤੀ ਬੇਰੁਖੀ ਵਾਲਾ ਵਤੀਰਾ ਅਪਣਾਈ ਰੱਖਿਆ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਅਜ਼ਾਦੀ ਤੋਂ ਬਾਅਦ ਸਿੱਖਾਂ ਅੱਗੇ ਹਮੇਸ਼ਾ ਹੀ ਚੁਣੌਤੀਆਂ ਦਰਪੇਸ਼ ਰਹੀਆਂ ਹਨ, ਜੋ ਅਜੋਕੇ ਸਮੇਂ 'ਚ ਵੀ ਜਾਰੀ ਹਨ। ਉਨ੍ਹਾਂ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਲਈ ਯੋਗਦਾਨ ਪਾਉਣ ਵਾਲੀਆਂ ਪੰਥਕ ਸਖਸ਼ੀਅਤਾਂ ਨੂੰ ਸਤਿਕਾਰ ਭੇਂਟ ਕਰਦਿਆਂ ਕਿਹਾ ਕਿ ਇਹ ਸੰਸਥਾ ਕੌਮ ਦੀ ਉਚ ਦਮਲਾੜੀ ਸੰਸਥਾ ਹੈ, ਜਿਸ ਨੇ ਆਪਣੇ 100 ਸਾਲ ਦੇ ਸਫ਼ਰ ਦੌਰਾਨ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ। ਉਨ੍ਹਾਂ ਆਖਿਆ ਕਿ ਸਿੱਖ ਸੰਸਥਾ ਨੂੰ ਹਕਮੂਤਾਂ ਵਲੋਂ ਇਸ ਲਈ ਨਿਸ਼ਾਨਾ ਬਣਾਇਆ ਜਾਂਦਾ ਹੈ ਕਿ ਕਿਉਂਕਿ ਉਹ ਸਮਝਦੇ ਹਨ ਕਿ ਸ਼੍ਰਮਣੀ ਕਮੇਟੀ ਸਟੇਟ ਦੇ ਅੰਦਰ ਇਕ ਸਟੇਟ ਵਾਂਗ ਹੈ। ਇਸੇ ਲਈ ਹੀ ਇਹ ਸੰਸਥਾ ਸਰਕਾਰਾਂ ਨੂੰ ਚੁੱਭਦੀ ਰਹੀ ਹੈ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਮੌਜੂਦਾ ਕੇਂਦਰ ਸਰਕਾਰ ਵੀ ਸਿੱਖਾਂ ਦੀ ਹਮਦਰਦ ਨਹੀਂ ਹੈ। ਉਨ੍ਹਾਂ ਗੁਰਬਾਣੀ, ਨਿਤਨੇਮ, ਇਤਿਹਾਸ, ਸੰਪਰਦਾਵਾਂ, ਸੰਸਥਾਵਾਂ, ਅੰਮ੍ਰਿਤ ਅਤੇ ਸਿੱਖ ਸਿਧਾਂਤਾਂ ਨੂੰ ਚੁਣੌਤੀ ਦੇਣ ਵਾਲੇ ਲੋਕਾਂ ਤੋਂ ਸੰਗਤ ਨੂੰ ਸੁਚੇਤ ਕਰਦਿਆਂ ਆਖਿਆ ਕਿ ਅੱਜ ਅਜਿਹੀਆਂ ਸ਼ਕਤੀਆਂ ਦਾ ਸਾਂਝੇ ਯਤਨਾਂ ਨਾਲ ਮੁਕਾਬਲਾ ਕਰਨਾ ਜ਼ਰੂਰੀ ਹੈ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਨੂੰ ਮੁਖਾਤਿਬ ਹੁੰਦਿਆਂ ਕਿਹਾ ਕਿ ਇਹ ਵੀ ਆਪਣੇ 100 ਸਾਲਾ ਸਥਾਪਨਾ ਦਿਵਸ ਨੂੰ ਸਮਰਪਿਤ ਹੁੰਦਿਆਂ ਪਿੰਡ ਪੱਧਰ ਤੋਂ ਆਪਣੇ ਪੰਥਕ ਸਫਰ ਦਾ ਨਵਾਂ ਅਧਿਆਇ ਸ਼ੁਰੂ ਕਰੇ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਕਮਜ਼ੋਰ ਕਰਨ ਵਾਲੀਆਂ ਤਾਕਤਾਂ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਕਿਹਾ ਕਿ ਅਜਿਹੀਆਂ ਸ਼ਕਤੀਆਂ ਦੇ ਮੁਕਾਬਲੇ ਲਈ ਸਮੁੱਚਾ ਪੰਥ ਇਕਜੁੱਟ ਹੋਵੇ। ਉਨ੍ਹਾਂ ਕਿਹਾ ਕਿ ਸਵਾਲ ਪੁੱਛਣ ਦਾ ਹਰਇਕ ਨੂੰ ਹੱਕ ਹੈ, ਪਰ ਇਸ ਦੀ ਇਕ ਮਰਯਾਦਾ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਿਨਾਂ ਅੰਦਰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਸਾਹਮਣੇ ਵਾਪਰੀਆਂ ਘਟਨਾਵਾਂ ਦੁਖਦਾਈ ਹਨ ਅਤੇ ਸਿੱਖਾਂ ਨੂੰ ਅਜਿਹੀਆਂ ਘਟਨਾਵਾਂ ਪਿੱਛੇ ਕੰਮ ਕਰਨ ਵਾਲੀਆਂ ਸ਼ਕਤੀਆਂ ਦੀ ਪਛਾਣ ਕਰਨੀ ਚਾਹੀਦੀ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੇ ਮਾਮਲੇ ਵਿਚ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੇ ਸਪੱਸ਼ਟ ਕਿਹਾ ਕਿ ਇਹ ਮਾਮਲਾ ਪ੍ਰਬੰਧਕੀ ਅਤੇ ਹੇਰਾਫੇਰੀ ਨਾਲ ਜੁੜਿਆ ਹੋਇਆ ਹੈ ਨਾ ਕਿ ਬੇਅਦਬੀ ਨਾਲ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਸ੍ਰੀ ਅਕਾਲ ਤਖਤ ਸਾਹਿਬ ਨੇ ਨਿਰਪੱਖ ਜਾਂਚ ਕਰਵਾਈ ਹੈ ਅਤੇ ਪੰਥ ਨੂੰ ਇਸ 'ਤੇ ਸ਼ੱਕ ਨਹੀਂ ਕਰਨਾ ਚਾਹੀਦਾ। ਉਨ੍ਹਾਂ ਸੌ ਸਾਲਾ ਸਥਾਪਨਾ ਦਿਵਸ ਦੀ ਖ਼ਾਲਸਾ ਪੰਥ ਨੂੰ ਵਧਾਈ ਵੀ ਦਿੱਤੀ।



## ਧਰਮ ਪ੍ਰਚਾਰ, ਸਿੱਖ ਸਮੱਸਿਆਵਾਂ ਦੇ ਹੱਲ, ਵਿਦਿਆ ਦੇ ਪ੍ਰਸਾਰ ਅਤੇ ਵਾਤਾਵਰਣ ਦੇ ਸੁਧਾਰ ਲਈ ਕੀਤੇ ਜਾਣਗੇ ਯਤਨ-ਭਾਈ ਲੌਂਗੋਵਾਲ



ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਤੋਂ ਲੈ ਕੇ ਹੁਣ ਤੱਕ ਸ਼੍ਰੋਮਣੀ ਕਮੇਟੀ ਦੇ ਸਫ਼ਰ 'ਤੇ ਝਾਤ ਪਾਉਂਦਿਆਂ ਭਵਿੱਖ ਵਿਚ ਹੋਰ ਦ੍ਰਿੜ੍ਹਤਾ ਨਾਲ ਪੰਥਕ ਸੇਵਾਵਾਂ ਨਿਭਾਉਣ ਦਾ ਪੰਥ ਨੂੰ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਨਾ ਕੇਵਲ ਗੁਰਦੁਆਰਾ ਪ੍ਰਬੰਧਾਂ ਬਲਕਿ ਸਮੁੱਚੀ ਮਾਨਵਤਾ ਦੀ ਸੇਵਾ ਵਿਚ ਸ਼੍ਰੋਮਣੀ ਕਮੇਟੀ ਦੀ ਵਿਲੱਖਣ ਦੇਣ ਹੈ। ਇਸ ਮੌਕੇ ਉਨ੍ਹਾਂ ਸ਼੍ਰੋਮਣੀ ਕਮੇਟੀ ਦਾ ਭਵਿੱਖੀ ਏਜੰਡੇ ਦਾ ਐਲਾਨ ਕਰਦਿਆਂ ਧਰਮ ਪ੍ਰਚਾਰ ਦੀ ਲਹਿਰ ਨੂੰ ਅਧੁਨਿਕ ਸਾਧਨਾਂ ਦੀ ਵਰਤੋਂ ਨਾਲ ਹੋਰ ਪ੍ਰਚੰਡ ਕਰਨ ਦੀ ਵਚਨਬਧਤਾ ਪ੍ਰਗਟਾਈ। ਇਸ ਦੇ ਨਾਲ ਹੀ ਉਨ੍ਹਾਂ ਸ਼੍ਰੋਮਣੀ ਕਮੇਟੀ ਦੀਆਂ ਜ਼ੁੰਮੇਵਾਰੀਆਂ ਦੇ ਅਹਿਸਾਸ ਦਾ ਪ੍ਰਗਟਾਵਾ ਕਰਦਿਆਂ ਵਿਸ਼ਵ ਭਰ ਦੇ ਸਿੱਖਾਂ ਲਈ ਗੁਰਮਤਿ ਅਨੁਸਾਰ ਸੇਵਾ ਨਿਭਾਉਣ, ਵਿਦਿਆ ਦੇ ਪ੍ਰਚਾਰ ਪ੍ਰਸਾਰ ਅਤੇ ਵੱਖ-ਵੱਖ ਥਾਵਾਂ 'ਤੇ ਵੱਸ ਰਹੇ ਸਿੱਖਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਸ਼ਵ ਪੱਧਰੀ ਸਲਾਹਕਾਰ ਕਮੇਟੀ ਦੇ ਗਠਨ ਦਾ ਐਲਾਨ ਵੀ ਕੀਤਾ। ਇਸ ਤੋਂ ਇਲਾਵਾ ਵੱਧ ਰਹੇ ਪ੍ਰਦੂਸ਼ਣ ਦੇ ਹੱਲ ਲਈ ਵਾਤਾਵਰਨ ਲਹਿਰ ਤਹਿਤ ਹਰ ਗੁਰਦੁਆਰਾ ਸਾਹਿਬ ਤੋਂ ਬੂਟਾ ਪ੍ਰਸ਼ਾਦ ਦੇਣ, ਪਿੰਡਾਂ ਕਸਬਿਆਂ ਸ਼ਹਿਰਾਂ ਵਿਚ ਗ੍ਰੰਥੀ ਸਾਹਿਬਾਨ ਨੂੰ ਗੁਰਬਾਣੀ ਸੰਥਿਆ ਅਤੇ ਸਿੱਖ ਰਹਿਤ ਮਰਯਾਦਾ ਵਿਚ ਪ੍ਰਪੱਕ ਬਣਾਉਣ, ਧਰਮੀ ਫ਼ੌਜੀਆਂ ਦੀ ਪੈਨਸ਼ਨ ਅਤੇ ਹੋਰ ਸਮੱਸਿਆਵਾਂ ਦੇ ਹੱਲ ਲਈ ਪੈਰਵਾਈ ਕਰਨ, ਸਿੱਖ ਕੈਦੀਆਂ ਦੀ ਰਿਹਾਈ ਦੀ ਮੰਗ ਨੂੰ ਉਠਾਉਣ ਦਾ ਵੀ ਅਹਿਦ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਧਰਮ ਪ੍ਰਚਾਰ ਪ੍ਰਸਾਰ ਲਈ ਮੁੜ ਦ੍ਰਿੜ੍ਹਤਾ ਦਾ ਪ੍ਰਗਟਾਵਾ ਕਰਦਿਆਂ ਅਗਲੇ ਪੂਰੇ ਵਰ੍ਹੇ ਸ਼ਤਾਬਦੀ ਨੂੰ ਸਮਰਪਿਤ ਸਮਾਗਮ ਉਲੀਕਣ ਦਾ ਵੀ ਐਲਾਨ ਕੀਤਾ।

## ਸ਼੍ਰੋਮਣੀ ਗੁ:ਪ੍ਰ: ਕਮੇਟੀ ਨੂੰ ਕਿਸੇ ਵੀ ਸੂਰਤ 'ਚ ਦੋਫਾੜ ਨਹੀਂ ਹੋਣ ਦੇਵਾਂਗੇ : ਸੁਖਬੀਰ ਸਿੰਘ ਬਾਦਲ



ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਸਮੁੱਚੀ ਕੌਮ ਨੂੰ ਸ਼੍ਰੋਮਣੀ ਕਮੇਟੀ ਦੇ ਸੌ ਸਾਲਾ ਸਥਾਪਨਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਤਿਹਾਸਕ ਪਿਛੋਕੜ ਇੰਨਾ ਮਹੱਤਵਪੂਰਨ ਸੀ ਕਿ ਇਸ ਨੇ ਦੇਸ਼ ਦੀ ਅਜ਼ਾਦੀ ਦੇ ਘੋਲ ਲਈ ਵੱਡਾ ਉਤਸ਼ਾਹ ਪੈਦਾ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਦੀ ਅਜ਼ਾਦੀ ਵਿਚ ਸਭ ਤੋਂ ਵੱਧ ਕੁਰਬਾਨੀਆਂ ਸਿੱਖ ਕੌਮ ਦੀਆਂ ਹਨ ਅਤੇ ਅਜ਼ਾਦੀ ਤੋਂ ਬਾਅਦ ਵੀ ਸਿੱਖਾਂ ਨੇ ਹਰ ਖੇਤਰ ਵਿਚ ਵੱਡੀ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖਾਂ ਦੀ ਸੰਗਤੀ ਸੰਸਥਾ ਹੈ, ਪਰੰਤੂ ਇਸ ਵਿਰੋਧੀਆਂ ਤੋਂ ਇਸ ਦੀ ਆਭਾ ਸਹਾਰੀ ਨਹੀਂ ਜਾਂਦੀ। ਉਨ੍ਹਾਂ ਸਿੱਖ ਵਿਰੋਧੀ ਸ਼ਕਤੀਆਂ ਦੇ ਬਹਿਕਾਵੇਂ ਵਿਚ ਆ ਕੇ ਸ਼੍ਰੋਮਣੀ ਕਮੇਟੀ ਦੀ ਵਿਰੋਧਤਾ ਕਰਨ ਵਾਲੇ ਲੋਕਾਂ ਨੂੰ ਕਿਹਾ ਕਿ ਉਹ ਪਹਿਲਾਂ ਇਸਦੇ ਇਤਿਹਾਸਕ ਪਿਛੋਕੜ ਅਤੇ ਪ੍ਰਾਪਤੀਆਂ ਵੀ ਜਾਣਕਾਰੀ ਹਾਸਲ ਕਰਨ। ਨਿੱਜੀ ਲਾਲਸਾਵਾਂ ਕਾਰਨ ਸਿੱਖ ਪੰਥ ਦੀ ਸੇਵਕ ਸੰਸਥਾ ਨੂੰ ਭੰਡਣਾ ਠੀਕ ਨਹੀਂ ਹੈ। ਸਿੱਖ ਪੰਥ ਅੱਗੇ ਮੌਜੂਦਾ ਚੁਣੌਤੀਆਂ 'ਤੇ ਗੰਭੀਰਤਾ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਨਸ਼ਾਖੋਰੀ, ਪਤਿਤਪੁਣਾ, ਧਰਮ ਪ੍ਰਵਰਤਨ ਅਤੇ ਦੇਸ਼ ਵਿਚ ਘਟਗਿਣਤੀਆਂ ਵਿਚ ਵੱਧ ਰਹੀ ਅਸੁਰੱਖਿਆ ਦੀ ਭਾਵਨਾ ਨੂੰ ਦੂਰ ਕਰਨ ਲਈ ਸਮੂਹਿਕ ਯਤਨਾਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਘਟਗਿਣਤੀਆਂ ਦੀ ਰਖਵਾਲੀ ਨੂੰ ਯਕੀਨੀ ਬਣਾਉਣਾ ਕੇਂਦਰ ਅਤੇ ਸੂਬਿਆਂ ਦੀਆਂ ਸਰਕਾਰਾਂ ਦੀ ਜ਼ੁੰਮੇਵਾਰੀ ਹੈ। ਸ. ਸੁਖਬੀਰ ਸਿੰਘ ਬਾਦਲ ਨੇ ਸ਼੍ਰੋਮਣੀ ਕਮੇਟੀ ਨੂੰ ਵਿਰਸੇ ਦੀ ਸਾਂਭ-ਸੰਭਾਲ ਅਤੇ ਨੌਜੁਆਨੀ ਅੰਦਰ ਇਸ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਹੰਭਲਾ ਮਾਰਨ ਲਈ ਕਿਹਾ। ਉਨ੍ਹਾਂ ਆਸ ਪ੍ਰਗਟਾਈ ਕਿ ਸ਼੍ਰੋਮਣੀ ਕਮੇਟੀ ਅਤੇ ਸਿੱਖ ਜਥੇਬੰਦੀਆਂ ਦੇ ਆਪਸੀ ਤਾਲਮੇਲ ਨਾਲ ਸਾਰੀਆਂ ਚੁਣੌਤੀਆਂ ਤੋਂ ਪਾਰ ਜਾ ਕੇ ਸਾਰਥਿਕ ਸਿੱਟੇ ਜ਼ਰੂਰ ਨਿਕਲਣਗੇ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਸਿੱਖਿਆ, ਸਿਹਤ ਅਤੇ ਵਾਤਾਵਰਨ ਪ੍ਰਤੀ ਜਾਗਰੂਕਤਾ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਨੂੰ ਵੀ ਸੁਝਾਅ ਦਿੰਦਿਆਂ ਕਿਹਾ ਕਿ ਪੰਥਕ ਸੇਵਾਵਾਂ ਵਿਚ ਬੇਹਤਰ ਨਤੀਜੇ ਲੈਣ ਲਈ ਭਵਿੱਖੀ ਯੋਜਨਾਵਾਂ ਨੂੰ ਪੰਜ ਸਾਲਾ ਦਾਇਰੇ ਅੰਦਰ ਪੂਰਾ ਕੀਤਾ ਜਾਵੇ। ਇਸ ਦੇ ਲਈ ਉਨ੍ਹਾਂ ਨੇ ਸੰਗਤਾਂ ਪਾਸੋਂ ਵੀ ਸੁਝਾਅ ਲੈ ਕੇ ਗੌਰ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ, ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਨਾਨਕਸਰ ਸੰਪਰਦਾ ਵੱਲੋਂ ਬਾਬਾ ਲੱਖਾ ਸਿੰਘ, ਨਿਰਮਲੇ ਸੰਪਰਦਾ ਤੋਂ ਬਾਬਾ ਤੇਜਾ ਸਿੰਘ ਐਮ.ਏ., ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ, ਤਖ਼ਤ ਸ੍ਰੀ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਸ. ਅਵਤਾਰ ਸਿੰਘ ਹਿੱਤ ਨੇ ਵੀ ਸ਼੍ਰੋਮਣੀ ਕਮੇਟੀ ਦੇ ਸਥਾਪਨਾ ਦਿਵਸ ਦੇ ਸਬੰਧ ਵਿਚ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਥਾਪਨਾ ਤੋਂ ਲੈ ਕੇ ਮੌਜੂਦਾ ਸਮੇਂ ਤੱਕ ਦਾ ਸੰਖੇਪ ਇਤਿਹਾਸ ਦਰਸਾਉਂਦਾ ਇਕ ਕਿਤਾਬਚਾ ਜਾਰੀ ਕੀਤਾ ਗਿਆ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਸਨਮਾਨਿਤ ਕੀਤਾ ਗਿਆ।

# ਸ਼੍ਰੋਮਣੀ ਗੁ:ਪ੍ਰ: ਕਮੇਟੀ ਦੇ 100 ਸਾਲਾ ਸਥਾਪਨਾ ਦਿਵਸ ਮੌਕੇ ਪੰਥਕ ਸ਼ਖ਼ਸੀਅਤਾਂ ਦੇ ਸਨਮਾਨ ਦੀਆਂ ਤਸਵੀਰਾਂ











**ਸਮਾਗਮ ਦੌਰਾਨ ਹਾਜ਼ਰ ਧਾਰਮਿਕ ਸ਼ਖ਼ਸੀਅਤਾਂ:** ਸਮਾਗਮ ਦੌਰਾਨ ਬਾਬਾ ਸ਼ੁਬੇਗ ਸਿੰਘ ਕਾਰਸੇਵਾ ਵਾਲੇ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਬਾਬਾ ਸੁਖਦੇਵ ਸਿੰਘ ਰੂਮੀ ਵਾਲੇ ਭੁੱਚੋ ਕਲਾਂ ਬਠਿੰਡਾ, ਬਾਬਾ ਤਰਸੇਮ ਸਿੰਘ, ਬਾਬਾ ਨਿਰਮਲ ਸਿੰਘ ਜੌਹਲਾਂ, ਬਾਬਾ ਧਰਮਵੀਰ ਸਿੰਘ ਹੰਸਾਲੀਵਾਲੇ, ਬਾਬਾ ਬਲਦੇਵ ਸਿੰਘ ਅਨੰਦਪੁਰ ਸਾਹਿਬ ਵਾਲੇ, ਬਾਬਾ ਗੁਰਮੀਤ ਸਿੰਘ ਅਨੰਦਪੁਰ ਸਾਹਿਬ ਮਿਸਲ ਸ਼ਹੀਦਾਂ, ਜਥੇਦਾਰ ਪ੍ਰਤਾਪ ਸਿੰਘ ਮਿਸਲ ਸ਼ਹੀਦਾਂ, ਬਾਬਾ ਸਤਨਾਮ ਸਿੰਘ, ਬਾਬਾ ਸ਼ਾਮ ਸਿੰਘ ਅਟਾਰੀ, ਬਾਬਾ ਸੁੱਚਾ ਸਿੰਘ ਨਾਨਕਸਰ ਫਿਰੋਜ਼ਪੁਰ, ਬਾਬਾ ਸੰਤੋਖ ਸਿੰਘ ਡੇਰਾ ਭਾਈ ਦਿਆਲਾ, ਬਾਬਾ ਜਗਜੀਤ ਸਿੰਘ ਬੜੂ ਸਾਹਿਬ, ਬਾਬਾ ਜੋਰਾ ਸਿੰਘ ਬੰਧਨੀ ਕਲਾਂ, ਬਾਬਾ ਤੇਜਾ ਸਿੰਘ ਪ੍ਰਧਾਨ ਨਿਰਮਲ ਮੰਡਲ, ਬਾਬਾ ਗੁਰਬਚਨ ਸਿੰਘ ਪੰਨਵਾਂ, ਬਾਬਾ ਸੁਖਵੰਤ ਸਿੰਘ, ਬਾਬਾ ਕੁਲਵੰਤ ਸਿੰਘ, ਜਥੇਦਾਰ ਬਾਬਾ ਪ੍ਰਗਟ ਸਿੰਘ ਤਰਨਾ ਦਲ ਫਿਰੋਜ਼ਪੁਰ, ਬਾਬਾ ਹਰਿੰਦਰ ਸਿੰਘ, ਬਾਬਾ ਕੁਲਦੀਪ ਸਿੰਘ, ਡਾ. ਗੁਰਿੰਦਰ ਸਿੰਘ ਰੰਗਰੇਟਾ ਲੁਧਿਆਣਾ, ਬਾਬਾ ਤ੍ਰਿਲੋਕ ਸਿੰਘ ਖਿਆਲੇ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ, ਬਾਬਾ ਸੱਜਣ ਸਿੰਘ ਬੇਰ ਸਾਹਿਬ, ਬਾਬਾ ਬਲਬੀਰ ਸਿੰਘ ਟਿੱਬੀ ਸਾਹਿਬ, ਜਥੇਦਾਰ ਬਾਬਾ ਬਲਦੇਵ ਸਿੰਘ, ਬਾਬਾ ਹਰਚੰਦ ਸਿੰਘ ਖੋਜਾ ਕਲਾ, ਬਾਬਾ ਗੁਰਨਾਮ ਸਿੰਘ ਪਟਨਾ, ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਅਖੰਡ ਕੀਰਤਨੀ ਜਥੇ ਵੱਲੋਂ ਭਾਈ ਨਿਰਮਲਬੀਰ ਸਿੰਘ, ਬਾਬਾ ਅਮਰੀਕ ਸਿੰਘ ਗੁਰੂ ਕਾ ਤਾਲ ਆਗਰਾ, ਬਾਬਾ ਸੁਰਜੀਤ ਸਿੰਘ ਨਿਰਮਲ ਕੁਟੀਆਂ ਲੋਹੀਆ, ਬੀਬੀ ਰਣਜੀਤ ਕੌਰ, ਬੀਬੀ ਜਸਪ੍ਰੀਤ ਕੌਰ ਮਾਹਿਲਪੁਰ, ਬਾਬਾ ਕਰਮਜੀਤ ਸਿੰਘ ਮਿੱਠਾ ਟਿਵਾਣਾ, ਬਾਬਾ ਤੇਜਾ ਸਿੰਘ ਖੁੱਡੀ ਕਲਾਂ, ਬਾਬਾ ਬੂਟਾ ਸਿੰਘ ਖਿਆਲਾ ਖੁਰਦ, ਬਾਬਾ ਭਰਪੂਰ ਸਿੰਘ ਸ਼ੇਖਾਂ ਬਰਨਾਲਾ, ਬਾਬਾ ਸ਼ਿੰਦਾ ਸਿੰਘ ਭਿੱਖੀਵਿੰਡ, ਬਾਬਾ ਕਰਮ ਸਿੰਘ, ਸ. ਕੁਲਬੀਰ ਸਿੰਘ ਉੜੀਸਾ ਜੋਤੀਸਰ, ਬਾਬਾ ਚਤਰ ਸਿੰਘ ਢਾਬਸਰ, ਬਾਬਾ ਮੇਜਰ ਸਿੰਘ ਵਾਂ, ਬਾਬਾ ਜੀਵਨ ਸਿੰਘ ਤਰਨਾ ਦਲ, ਬਾਬਾ ਮੇਜਰ ਸਿੰਘ ਦਸਮੇਸ਼ ਤਰਨਾਦਲ, ਬਾਬਾ ਲਾਲ ਸਿੰਘ ਮਾਲਵਾ ਤਰਨਾਦਲ, ਬਾਬਾ ਨੌਨਿਹਾਲ ਸਿੰਘ, ਬਾਬਾ ਸੁਰਜੀਤ ਸਿੰਘ ਕੈਰੋਂ, ਬਾਬਾ ਰਣਜੀਤ ਸਿੰਘ ਗੋਨੇਆਨਾ, ਬਬਾ ਮਹਿੰਦਰਪਾਲ ਪੰਡਵਾ, ਬਾਬਾ ਦੇਸ ਰਾਜ, ਬਾਬਾ ਨਿਰਮਲ ਦਾਸ, ਬਾਬਾ ਹਰਜਿੰਦਰ ਸਿੰਘ ਮੁਕਤਸਰ, ਬਾਬਾ ਖੜਕ ਸਿੰਘ, ਮਿਸਲ ਬਗੇਲ ਸਿੰਘ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਗੁਰਮੀਤ ਸਿੰਘ ਤਰਨਾਦਲ ਅਨੰਦਪੁਰ ਸਾਹਿਬ, ਬਾਬਾ ਮੋਹਣ ਸਿੰਘ ਅਨੰਦਪੁਰ ਸਾਹਿਬ, ਬਾਬਾ ਅਮਰ ਸਿੰਘ, ਬਾਬਾ ਦਰਸ਼ਨ ਸਿੰਘ ਖਜ਼ਾਨਾ ਗੇਟ, ਬਾਬਾ ਹੀਰਾ ਸਿੰਘ ਬਹਿਣੀਵਾਲ, ਬਾਬਾ ਤਰਸੇਮ ਸਿੰਘ, ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ, ਬਾਬਾ ਗੋਰਾ ਸਿੰਘ ਬੁਗਰਾਂ ਵਾਲੇ, ਬਾਬਾ ਹਰਬੇਅੰਤ ਸਿੰਘ ਸਮਤੂਆਣਾ, ਬਾਬਾ ਇੰਦਰਜੀਤ ਸਿੰਘ ਰਤੀਏ ਵਾਲੇ, ਬਾਬਾ ਸੁਖਦੇਵ ਸਿੰਘ ਸਿਧਾਣੇ ਵਾਲੇ, ਬਾਬਾ ਅਵਤਾਰ ਸਿੰਘ ਪੌਣਾ ਵਾਲੇ, ਭਾਈ ਅਮਨਦੀਪ ਸਿੰਘ ਬੀਬੀ ਕੌਲਾਂ, ਸ. ਨਿਰਮਲ ਸਿੰਘ ਪ੍ਰਧਾਨ ਚੀਫ ਖਾਲਸਾ ਦੀਵਾਨ, ਬਾਬਾ ਗੁਰਮੇਜ ਸਿੰਘ ਸੁਬਾਜ਼ਪੁਰ, ਬਾਬਾ ਬਲਦੇਵ ਸਿੰਘ ਬੱਲਾ, ਸ. ਇਕਬਾਲ ਸਿੰਘ ਭੱਟੀ ਐਨ.ਆਰ.ਆਈ. ਫਰਾਂਸ, ਪ੍ਰਿੰ: ਸੂਬਾ ਸਿੰਘ ਪ੍ਰਧਾਨ ਸਿੱਖ ਬੁੱਧੀਜੀਵੀ ਕੌਂਸਲ ਆਦਿ ਮੌਜੂਦ ਸਨ।

**ਸਮਾਗਮ ਦੌਰਾਨ ਹਾਜ਼ਰ ਰਹੀਆਂ ਰਾਜਨੀਤਕ ਸ਼ਖ਼ਸੀਅਤਾਂ:** ਸਮਾਗਮ ਦੌਰਾਨ ਸਾਬਕਾ ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ, ਜਥੇਦਾਰ ਤੋਤਾ ਸਿੰਘ, ਸ. ਬਲਵਿੰਦਰ ਸਿੰਘ ਭੂੰਦੜ, ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ, ਬੀਬੀ ਜਗੀਰ ਕੌਰ, ਸ. ਦਲਜੀਤ ਸਿੰਘ ਚੀਮਾ, ਸ. ਅਵਤਾਰ ਸਿੰਘ ਹਿੱਤ, ਭਾਈ ਰਜਿੰਦਰ ਸਿੰਘ ਮਹਿਤਾ, ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਹਰਜਿੰਦਰ ਸਿੰਘ ਧਾਮੀ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਗੁਰਪਾਲ ਸਿੰਘ ਗੋਰਾ, ਬੀਬੀ ਕੁਲਦੀਪ ਕੌਰ ਟੌਹੜਾ, ਸ. ਦਰਬਾਰਾ ਸਿੰਘ ਗੁਰੂ, ਸ. ਸਿਕੰਦਰ ਸਿੰਘ ਮਲੂਕਾ, ਸ. ਨਿਰਮਲ ਸਿੰਘ ਕਾਹਲੋਂ, ਜਥੇਦਾਰ ਗੁਲਜ਼ਾਰ ਸਿੰਘ ਰਣੀਕੇ, ਸ. ਵੀਰ ਸਿੰਘ ਲੋਪੋਕੇ, ਸ. ਸ਼ਰਨਜੀਤ ਸਿੰਘ ਢਿੱਲੋਂ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਦਿੱਲੀ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ, ਸ. ਮਹੇਸ਼ਇੰਦਰ ਸਿੰਘ ਗਰੇਵਾਲ, ਡਾ. ਦਲਬੀਰ ਸਿੰਘ ਵੇਰਕਾ, ਸ. ਗਗਨਜੀਤ ਸਿੰਘ ਬਰਨਾਲਾ, ਸ. ਮਲਕੀਤ ਸਿੰਘ ਏ.ਆਰ., ਸ. ਲਖਬੀਰ ਸਿੰਘ ਲੋਧੀ ਨੰਗਲ, ਸ. ਦਿਲਰਾਜ ਸਿੰਘ ਭੂੰਦੜ, ਸ. ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ. ਪ੍ਰਕਾਸ਼ ਸਿੰਘ ਭੱਟੀ, ਸ. ਹੀਰਾ ਸਿੰਘ ਗਾਬੜੀਆਂ, ਸ. ਜਨਮੇਜਾ ਸਿੰਘ ਸੇਖੋਂ, ਸ. ਸੁਰਜੀਤ ਸਿੰਘ ਰੱਖੜਾ, ਜਥੇਦਾਰ ਤੀਰਥ ਸਿੰਘ ਮਾਹਲਾ, ਸ. ਜਗਮੀਤ ਸਿੰਘ ਬਰਾੜ, ਸ. ਗੁਲਜ਼ਾਰ ਸਿੰਘ ਮੂਨਕ, ਸ. ਮਨਤਾਰ ਸਿੰਘ ਬਰਾੜ, ਸ. ਗੁਰਪ੍ਰੀਤ ਸਿੰਘ ਰਾਜੂ ਖੰਨਾ, ਸ. ਨਵਇੰਦਰ ਸਿੰਘ ਲੌਂਗੋਵਾਲ, ਸ. ਜਗਸੀਰ ਸਿੰਘ ਚੇਅਰਮੈਨ, ਸ. ਸਰਬਜੀਤ ਸਿੰਘ ਮੱਕੜ, ਸ. ਗੁਰਬਚਨ ਸਿੰਘ ਬੱਬੇਹਾਲੀ, ਸ. ਅਮਰਪਾਲ ਸਿੰਘ ਬੋਨੀ ਅਜਨਾਲਾ, ਸ. ਇਕਬਾਲ ਸਿੰਘ ਸੰਧੂ, ਸ. ਤਲਵਿੰਦਰ ਸਿੰਘ ਬੁੱਟਰ, ਸ੍ਰੀ ਕਬੀਰ ਦਾਸ ਨਾਭਾ, ਸ. ਸਤਬੀਰ ਸਿੰਘ ਖੱਟੜਾ, ਸ. ਹਰਿੰਦਰਪਾਲ ਸਿੰਘ ਟੌਹੜਾ, ਸ੍ਰੀ ਐਨ.ਕੇ. ਸ਼ਰਮਾ, ਸ. ਅਰਵਿੰਦਰ ਸਿੰਘ ਰਸੂਲਪੁਰ, ਸ. ਹਰਮੀਤ ਸਿੰਘ ਕਾਲਕਾ, ਮੈਂਬਰ ਸ. ਗੁਰਚਰਨ ਸਿੰਘ ਗਰੇਵਾਲ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਭਗਵੰਤ ਸਿੰਘ ਸਿਆਲਕਾ, ਸ. ਰਾਮ ਸਿੰਘ, ਭਾਈ ਮਨਜੀਤ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਹਰਪਾਲ ਸਿੰਘ ਜੱਲ੍ਹਾ, ਸ. ਗੁਰਮੀਤ ਸਿੰਘ ਬੂਹ, ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਰਜੀਤ ਸਿੰਘ ਗੜੀ, ਸ. ਸਤਵਿੰਦਰ ਸਿੰਘ ਟੌਹੜਾ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਪਰਮਜੀਤ ਸਿੰਘ ਖਾਲਸਾ, ਸ. ਦਲਜੀਤ ਸਿੰਘ ਭਿੰਡਰ, ਬੀਬੀ ਪਰਮਜੀਤ ਕੌਰ ਲਾਂਡਰਾ, ਸ. ਜੋਧ ਸਿੰਘ ਸਮਰਾ, ਸ. ਅਮਰੀਕ ਸਿੰਘ ਵਿਛੋਆ, ਬੀਬੀ ਜੋਗਿੰਦਰ ਕੌਰ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਹਰਿੰਦਰ ਸਿੰਘ ਰਣੀਆ, ਸ. ਕੁਲਦੀਪ ਸਿੰਘ ਨੱਸੂਪੁਰ, ਸ. ਬਲਦੇਵ ਸਿੰਘ ਮਾਨ, ਬਾਬਾ ਟੇਕ ਸਿੰਘ ਧਨੌਲਾ ਬਰਨਾਲਾ, ਸ. ਬਲਦੇਵ ਸਿੰਘ ਚੂੰਘਾ, ਸ. ਗੁਰਪ੍ਰਤਾਪ ਸਿੰਘ ਵਡਾਲਾ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਗੁਰਨਾਮ ਸਿੰਘ, ਸ. ਗੁਰਪ੍ਰਤਾਪ ਸਿੰਘ ਖੁਸ਼ਹਾਲਪੁਰ, ਸ. ਜੋਗਰਾਜ ਸਿੰਘ ਅਮਰੀਕਾ, ਜਥੇਦਾਰ ਸੁਖਦੇਵ ਸਿੰਘ ਸਾਊਥਹਾਲ, ਸ. ਹਰਚਰਨ ਸਿੰਘ ਤੇ ਸ. ਭੁਪਿੰਦਰ ਸਿੰਘ, ਸ. ਗੁਰਿੰਦਰਪਾਲ ਸਿੰਘ ਜੋਸਨ ਅਮਰੀਕਾ, ਸ. ਗੁਰਪ੍ਰਤਾਪ ਸਿੰਘ ਟਿੱਕਾ, ਸ. ਤਲਬੀਰ ਸਿੰਘ ਗਿੱਲ, ਸ. ਅਮਰਬੀਰ ਸਿੰਘ ਢੋਟ, ਸ. ਇੰਦਰਜੀਤ ਸਿੰਘ ਰੰਧਾਵਾ, ਸ. ਕਵਲਪ੍ਰੀਤ ਸਿੰਘ, ਸ. ਮਨਜੀਤ ਸਿੰਘ ਸਿੱਖ ਸ਼ਾਸਤਰ ਵਿਦਿਆ ਕੌਂਸਲ, ਆਦਿ ਮੌਜੂਦ ਸਨ।



## ਸ਼੍ਰੋਮਣੀ ਕਮੇਟੀ ਦੇ ਸ਼ਤਾਬਦੀ ਸਮਾਗਮ ਮੌਕੇ ਪੰਥਕ ਇਕੱਤਰਤਾ ਦੌਰਾਨ ਪਾਸ ਕੀਤੇ ਗਏ 11 ਅਹਿਮ ਮਤੇ

ਸ਼੍ਰੋਮਣੀ ਕਮੇਟੀ ਦੇ ਸੌ ਸਾਲਾ ਸਥਾਪਨਾ ਦਿਵਸ ਮੌਕੇ ਕੀਤੇ ਗਏ ਪੰਥਕ ਸਮਾਗਮ ਦੌਰਾਨ 11 ਅਹਿਮ ਮਤੇ ਪਾਸ ਕੀਤੇ ਗਏ। ਇਹ ਮਤੇ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਮੈਂਬਰਾਂ ਜਿਨ੍ਹਾਂ ਵਿਚ ਸ. ਹਰਜਿੰਦਰ ਸਿੰਘ ਧਾਮੀ, ਬੀਬੀ ਜਗੀਰ ਕੌਰ, ਜਥੇਦਾਰ ਤੋਤਾ ਸਿੰਘ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਭਾਈ ਅਮਰਜੀਤ ਸਿੰਘ ਚਾਵਲਾ ਅਤੇ ਭਾਈ ਮਨਜੀਤ ਸਿੰਘ ਨੇ ਪੜ੍ਹੇ, ਜਿਨ੍ਹਾਂ ਦਾ ਸੰਗਤ ਨੇ ਜੈਕਾਰਿਆਂ ਦੀ ਗੂੰਜ ਵਿਚ ਸਵਾਗਤ ਕੀਤਾ।

ਪਹਿਲੇ ਮਤੇ ਵਿਚ ਸ਼੍ਰੋਮਣੀ ਕਮੇਟੀ ਦੇ ਗਠਨ ਲਈ ਕੁਰਬਾਨੀਆਂ ਦੇਣ ਵਾਲੇ ਮਹਾਨ ਸ਼ਹੀਦਾਂ ਅਤੇ ਅਕਾਲੀ ਯੋਧਿਆਂ ਨੂੰ ਸ਼ਰਧਾਜਲੀ ਦਿੰਦਿਆਂ ਭਵਿੱਖ ਵਿਚ ਵੀ ਗੁਰੂ ਆਸ਼ੇ ਅਨੁਕੂਲ ਸੰਗਤ ਦੇ ਸਹਿਯੋਗ ਨਾਲ ਪੰਥਕ ਸੇਵਾਵਾਂ ਹੋਰ ਬਿਹਤਰੀਨ ਤਰੀਕੇ ਨਾਲ ਨਿਭਾਉਣ ਦੀ ਦ੍ਰਿੜ੍ਹਤਾ ਪ੍ਰਗਟਾਈ ਗਈ।

ਦੂਜੇ ਮਤੇ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਨਿਤ ਦਿਹਾੜੇ ਬੇਰੋਕ ਹੋ ਰਹੀਆਂ ਬੇਅਦਬੀਆਂ ਦੀਆਂ ਘਟਨਾਵਾਂ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੁਸ਼ਟ ਸ਼ਕਤੀਆਂ ਨੂੰ ਬੇਨਕਾਬ ਕਰਨ ਅਤੇ ਮਿਸਾਲੀ ਸਜ਼ਾਵਾਂ ਦੇਣ ਦੀ ਮੰਗ ਕੀਤੀ ਗਈ।

ਇਸੇ ਤਰ੍ਹਾਂ ਸਿੱਖ ਇਕ ਵੱਖਰੀ ਕੌਮ ਸਬੰਧੀ ਮਤਾ ਪੇਸ਼ ਕਰਦਿਆਂ ਸਿੱਖਾਂ ਦੇ ਸਰੂਪ ਅਤੇ ਹੋਂਦ ਨੂੰ ਰਲਗਡ ਕਰਨ ਵਾਲੀਆਂ ਸ਼ਕਤੀਆਂ ਤੋਂ ਸਮੁੱਚੇ ਸਿੱਖ ਕੌਮ ਨੂੰ ਸੁਚੇਤ ਕੀਤਾ ਗਿਆ। ਇਕ ਹੋਰ ਮਤੇ ਰਾਹੀਂ ਵਿਦੇਸ਼ਾਂ ਵਿਚ ਸਿੱਖਾਂ ਦੀ ਵੱਖਰੀ ਪਛਾਣ ਦੇ ਸੰਕਟ ਕਾਰਨ ਵਾਪਰ ਰਹੇ ਨਸਲੀ ਹਮਲਿਆਂ ਦੇ ਵਰਤਾਰੇ 'ਤੇ ਵੀ ਇਕ ਮਤੇ ਰਾਹੀਂ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਭਾਰਤ ਸਰਕਾਰ ਕੋਲੋਂ ਮੰਗ ਕੀਤੀ ਗਈ ਕਿ ਉਹ ਵਿਦੇਸ਼ੀ ਸਰਕਾਰਾਂ ਕੋਲ ਇਸ ਮਸਲੇ ਦੇ ਹੱਲ ਲਈ ਪਹੁੰਚ ਕਰੇ, ਤਾਂ ਜੋ ਅਮਨ ਪਸੰਦ ਅਤੇ ਸਰਬੱਤ ਦਾ ਭਲਾ ਮੰਗਣ ਵਾਲੀ ਸਿੱਖ ਕੌਮ ਦੁਨੀਆਂ ਦੇ ਵੱਖ-ਵੱਖ ਹਿੱਸਿਆਂ ਵਿਚ ਵਸਦੀ ਹੋਈ ਉਥੋਂ ਦੀ ਸਰਬਪੱਖੀ ਉਨਤੀ ਵਿਚ ਆਪਣਾ ਯੋਗਦਾਨ ਪਾ ਸਕੇ।

ਇਕ ਮਤੇ ਰਾਹੀਂ ਜਾਤ ਪਾਤ, ਊਚ-ਨੀਚ ਅਤੇ ਨਸਲੀ ਭੇਦ ਭਾਵ ਦਾ ਖੰਡਨ ਕਰਦਿਆਂ ਸਮੁੱਚੀਆਂ ਸਮਾਜਿਕ ਇਕਾਈਆਂ ਨੂੰ ਲਾਮਬੰਦ ਹੋਣ ਦੀ ਅਪੀਲ ਕੀਤੀ ਗਈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਵੀ ਆਪਣਾ ਭਰਪੂਰ ਯੋਗਦਾਨ ਪਾਉਣ ਦਾ ਭਰੋਸਾ ਦਿੱਤਾ ਗਿਆ।

ਇਸੇ ਤਰ੍ਹਾਂ ਅਜੋਕੀਆਂ ਸਮਾਜਕ ਬੁਰਾਈਆਂ, ਵਿਆਹਾਂ ਸ਼ਾਦੀਆਂ ''ਤੇ ਫਜ਼ੂਲ ਖਰਚੀ ਅਤੇ ਭਰੂਣ ਹੱਤਿਆਂ 'ਤੇ ਚਿੰਤਾ ਪ੍ਰਗਟ ਕਰਦਿਆਂ ਸਮਾਜ ਨੂੰ ਸਾਦੇ ਰੀਤੀ ਰਿਵਾਜ ਅਪਨਾਉਣ ਦੀ ਇਕ ਮਤੇ ਰਾਹੀਂ ਅਪੀਲ ਕੀਤੀ ਗਈ।

ਸਿੱਖ ਕੈਦੀਆਂ ਦੀ ਰਿਹਾਈ ਸਬੰਧੀ, ਸ਼੍ਰੋਮਣੀ ਕਮੇਟੀ ਨੂੰ ਤੋੜਨ ਦੇ ਯਤਨ ਕਰਨ ਵਾਲੀਆਂ ਪੰਥ ਵਿਰੋਧੀ ਸ਼ਕਤੀਆਂ ਨੂੰ ਪਛਾੜਨ ਲਈ, ਧਰਮੀ ਫ਼ੌਜੀਆਂ ਦੇ ਹੱਕਾਂ ਦੀ ਰਖਵਾਲੀ ਲਈ, ਦੇਸ਼ ਅੰਦਰ ਘਟਗਿਣਤੀਆਂ ਦੀ ਵੱਧ ਰਹੀ ਅਸੁਰੱਖਿਆ 'ਤੇ ਚਿੰਤਾ ਪ੍ਰਗਟਾਉਂਦਿਆਂ ਅਤੇ ਕਿਸਾਨ ਮਾਰੂ ਕਾਲੇ ਕਾਨੂੰਨਾਂ ਵਿਰੁੱਧ ਵੱਖ-ਵੱਖ ਮਤਿਆਂ ਰਾਹੀਂ ਅਵਾਜ਼ ਬੁਲੰਦ ਕੀਤੀ ਗਈ ਅਤੇ ਇਨ੍ਹਾਂ ਸਾਰੇ ਮਾਮਲਿਆਂ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਵਚਨਬਧਤਾ ਦਾ ਪ੍ਰਗਟਾਵਾ ਕੀਤਾ ਗਿਆ।



ਮੁੱਖ ਸੰਪਾਦਕ:
ਮਹਿੰਦਰ ਸਿੰਘ ਆਹਲੀ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।

# ਗੁਰਦੁਆਰਾ ਅੰਬ ਸਾਹਿਬ ਮੋਹਾਲੀ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਮੋਹਾਲੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਅੰਬ ਸਾਹਿਬ ਮੋਹਾਲੀ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਰਾਜਪਾਲ ਸਿੰਘ ਮੋਹਾਲੀ ਅਤੇ ਭਾਈ ਹਰਜੋਤ ਸਿੰਘ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਗੁਰ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 17 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਕਕਾਰ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਗੁਰਦੁਆਰਾ ਅੰਬ ਸਾਹਿਬ ਦੇ ਮੈਨੇਜਰ ਸ. ਰਜਿੰਦਰ ਸਿੰਘ ਟੌਹੜਾ ਨੇ ਪੰਜ ਪਿਆਰੇ ਸਾਹਿਬਾਨ ਅਤੇ ਆਈਆਂ ਸਖ਼ਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।



ਸ਼ਹੀਦ ਭਾਈ ਤਾਰੂ ਸਿੰਘ ਜੀ ਦੀ 300 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਪਿੰਡ ਰਣਜੀਤ ਬਾਗ (ਗੁਰਦਾਸਪੁਰ) ਵਿਖੇ ਧਾਰਮਿਕ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲੇ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਵੱਲੋਂ ਮੈਡਲਾਂ, ਸਰਟੀਫਿਕੇਟਾਂ ਤੇ ਸ਼ੀਲਡਾਂ ਨਾਲ ਸਨਮਾਨਿਤ ਕੀਤਾ ਗਿਆ।

# ਸ਼੍ਰੋਮਣੀ ਕਮੇਟੀ ਦੀ ਸੌ ਸਾਲਾ ਸਥਾਪਨਾ ਸਬੰਧੀ ਇਤਿਹਾਸਕ ਚਿੱਤਰ ਪ੍ਰਦਰਸ਼ਨੀ ਲਗਾਈ





ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੌ ਸਾਲਾ ਸਥਾਪਨਾ ਦਿਵਸ ਮੌਕੇ ਸੰਗਤਾਂ ਨੂੰ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਦੇ ਕੁਰਬਾਨੀਆਂ ਭਰੇ ਇਤਿਹਾਸ ਦੇ ਰੂਬਰੂ ਕਰਨ ਦੇ ਮੰਤਵ ਨਾਲ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਗਈ ਚਿੱਤਰ ਪ੍ਰਦਰਸ਼ਨੀ ਸ੍ਰੀ ਦਰਬਾਰ ਸਾਹਿਬ ਵਿਖੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਬਾਹਰ ਵਿਸ਼ੇਸ਼ ਪੰਡਾਲ ਵਿਚ ਲਗਾਈ ਗਈ।

ਦੱਸਣਯੋਗ ਹੈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੌ ਸਾਲਾ ਸਥਾਪਨਾ ਦਿਵਸ ਨੂੰ ਸਮਰਪਿਤ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਵਿਸ਼ੇਸ਼ ਰੁਚੀ ਨਾਲ ਸਥਾਨਕ ਭਾਈ ਗੁਰਦਾਸ ਹਾਲ ਵਿਖੇ ਲਗਾਈ ਗਈ ਚਿੱਤਰਕਲਾ ਵਰਕਸ਼ਾਪ ਦੌਰਾਨ 31 ਚਿੱਤਰਕਾਰਾਂ ਵੱਲੋਂ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਦੇ ਕੁਰਬਾਨੀਆਂ ਭਰੇ ਇਤਿਹਾਸ ਨੂੰ ਰੂਪਮਾਨ ਕਰਦੇ ਚਿੱਤਰ ਬਣਾਏ ਗਏ ਸਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਿਥੇ ਚਿੱਤਰਕਾਰਾਂ ਦੀ ਹੌਸਲਾ ਅਫ਼ਜਾਈ ਲਈ ਸਨਮਾਨਿਤ ਰਾਸ਼ੀ ਦੇ ਚੈੱਕ ਦੇ ਕੇ ਨਿਵਾਜਿਆ, ਉਥੇ ਹੀ ਚਿੱਤਰਕਾਰਾਂ ਵੱਲੋਂ ਤਿਆਰ ਕੀਤੇ ਗਏ ਚਿੱਤਰਾਂ ਦੀ ਭਰਵੀਂ ਸ਼ਲਾਘਾ ਕੀਤੀ।

ਇਨ੍ਹਾਂ ਚਿੱਤਰਾਂ ਰਾਹੀਂ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਤੋਂ ਪਹਿਲਾਂ ਕੀਤੇ ਗਏ ਸੰਘਰਸ਼ ਦੇ ਨਾਲ-ਨਾਲ ਸਾਕਿਆਂ ਅਤੇ ਮੋਰਚਿਆਂ ਦੇ ਇਤਿਹਾਸ ਨੂੰ ਵੀ ਦਰਸਾਇਆ ਗਿਆ। ਪ੍ਰਦਰਸ਼ਨੀ 'ਚ ਲਗਾਏ ਗਏ ਚਿੱਤਰਾਂ ਵਿਚ ਮਹੰਤਾਂ ਪਾਸੋਂ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਪ੍ਰਬੰਧ ਖ਼ਾਲਸਾ ਪੰਥ ਵੱਲੋਂ ਆਪਣੇ ਹੱਥਾਂ ਵਿਚ ਲੈਣ, ਸਾਕਾ ਨਨਕਾਣਾ ਸਾਹਿਬ, ਸਾਕਾ ਗੁਰੂ ਕਾ ਬਾਗ, ਜੈਤੋ ਦਾ ਮੋਰਚਾ, ਕਿਰਪਾਨ ਦਾ ਮੋਰਚਾ, ਨਾਭਾ ਦੀ ਖ਼ੂਨੀ ਜ਼ੇਲ੍ਹ ਦੇ ਦ੍ਰਿਸ਼ ਦੇ ਨਾਲ-ਨਾਲ ਕਈ ਪ੍ਰਮੁੱਖ ਸ਼ਖ਼ਸੀਅਤਾਂ ਜਿਨ੍ਹਾਂ ਵਿਚ ਜਥੇਦਾਰ ਤੇਜਾ ਸਿੰਘ ਸਮੁੰਦਰੀ, ਸ. ਤੇਜਾ ਸਿੰਘ ਭੁੱਚਰ ਆਦਿ ਸ਼ਾਮਲ ਹਨ ਦੇ ਭਾਵਪੂਰਤ ਚਿੱਤਰ ਸੰਗਤਾਂ ਦੀ ਉਤਸੁਕਤਾ ਦਾ ਕੇਂਦਰ ਬਣੇ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਰਹੇ ਪ੍ਰਧਾਨ ਸਾਹਿਬਾਨ ਨੂੰ ਇਕ ਚਿੱਤਰ ਵਿਚ ਦਿਖਾ ਕੇ ਸਿੱਖ ਸੰਸਥਾ ਦੀ ਵਿਸ਼ਾਲਤਾ ਨੂੰ ਦਰਸਾਇਆ ਗਿਆ। ਪ੍ਰਦਰਸ਼ਤ ਕੀਤੇ ਗਏ ਚਿੱਤਰਾਂ ਦੇ ਨਾਲ ਪੰਜਾਬੀ ਅਤੇ ਅੰਗਰੇਜ਼ੀ ਵਿਚ ਸਬੰਧਤ ਇਤਿਹਾਸ ਨੂੰ ਵੀ ਸੰਖੇਪ ਰੂਪ ਵਿਚ ਵੀ ਦਿੱਤਾ ਗਿਆ, ਤਾਂ ਜੋ ਸੰਗਤਾਂ ਆਸਾਨੀ ਨਾਲ ਚਿੱਤਰ ਸਬੰਧੀ ਜਾਣਕਾਰੀ ਪ੍ਰਾਪਤ ਕਰ ਸਕਣ। ਸ਼੍ਰੋਮਣੀ ਕਮੇਟੀ ਦਾ ਸ਼ਤਾਬਦੀ ਸਮੇਂ ਚਿੱਤਰ ਪ੍ਰਦਰਸ਼ਨੀ ਤਿਆਰ ਕਰਨ ਦਾ ਇਹ ਦੂਸਰਾ ਮੌਕਾ ਹੈ। ਇਸ ਤੋਂ ਪਹਿਲਾਂ ਸ੍ਰੀ ਗੁਰੂ ਨਾਨਕ ਦੇਵ ਜੀ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਵਿਖੇ ਵੀ ਵਿਸ਼ੇਸ਼ ਤੌਰ 'ਤੇ ਚਿੱਤਰ ਤਿਆਰ ਕਰਵਾ ਕੇ ਪ੍ਰਦਰਸ਼ਨੀ ਲਗਾਈ ਗਈ ਸੀ।

ਚਿੱਤਰਕਲਾ ਵਰਕਸ਼ਾਪ ਵਿਚ ਭਾਗ ਲੈਣ ਵਾਲੇ ਚਿੱਤਰਕਾਰ- ਸ਼੍ਰੋਮਣੀ ਕਮੇਟੀ ਦੇ ਸੌ ਸਾਲਾ ਸਥਾਪਨਾ ਦਿਵਸ ਸਬੰਧੀ ਲਗਾਈ ਗਈ ਚਿੱਤਰਕਲਾ ਵਰਕਸ਼ਾਪ ਵਿਚ 31 ਚਿੱਤਰਕਾਰਾਂ ਅਤੇ ਤਿੰਨ ਸਹਿਯੋਗੀਆਂ ਨੇ ਭਾਗ ਲਿਆ। ਇਨ੍ਹਾਂ ਵਿਚ ਸ. ਅਮਰਜੀਤ ਸਿੰਘ ਬਠਿੰਡਾ, ਸ. ਹਰਦਰਸ਼ਨ ਸਿੰਘ ਸੋਹਲ ਬਠਿੰਡਾ, ਸ. ਅਮਰ ਸਿੰਘ ਲੁਧਿਆਣਾ, ਸ. ਗੁਰਵਿੰਦਰਪਾਲ ਸਿੰਘ ਅੰਮ੍ਰਿਤਸਰ, ਸ. ਕੁਲਵੰਤ ਸਿੰਘ ਅੰਮ੍ਰਿਤਸਰ, ਸ੍ਰੀ ਅਸ਼ਨਵੀ ਵਰਮਾ ਟਾਂਡਾ, ਸ. ਬਾਜ਼ ਸਿੰਘ ਮਲੋਟ, ਸ. ਗੁਰਪ੍ਰੀਤ ਸਿੰਘ ਨਾਮਧਾਰੀ ਨਾਭਾ, ਸ. ਗੋਬਿੰਦਰ ਸਿੰਘ ਸੋਹਲ ਪਟਿਆਲਾ, ਸ. ਐਚ. ਮਹਿੰਦਰ ਸਿੰਘ ਸਨਾਮ, ਸ. ਹਰਪ੍ਰੀਤ ਸਿੰਘ ਨਾਜ ਲੁਧਿਆਣਾ, ਸ. ਇੰਦਰਜੀਤ ਸਿੰਘ ਚਿੱਤਰਕਾਰ, ਬੀਬੀ ਮੋਹਨਜੀਤ ਕੌਰ ਲਹਿਰਾਗਾਗਾ, ਸ. ਗੁਰਜੀਤ ਸਿੰਘ ਬਠਿੰਡਾ, ਸ. ਸੁਖਵਿੰਦਰ ਸਿੰਘ ਅੰਮ੍ਰਿਤਸਰ, ਸ੍ਰੀ ਗੋਪਾਲ ਕਿਸ਼ਨ ਸ਼ਰਮਾ, ਸ. ਮਾਧੋਦਾਸ ਸਿੰਘ, ਸ. ਗੁਰਪ੍ਰੀਤ ਸਿੰਘ ਕੋਮਲ, ਸ. ਜਸਮਿੰਦਰ ਸਿੰਘ ਜਲੰਧਰ, ਸ੍ਰੀ ਕੁਲਦੀਪ ਸ਼ਰਮਾ, ਸ. ਦਲਜੀਤ ਸਿੰਘ ਚੰਡੀਗੜ੍ਹ, ਸ. ਗੁਰਸ਼ਰਨ ਸਿੰਘ ਅੰਮ੍ਰਿਤਸਰ, ਡਾ. ਮਨਵੀਰ ਕੌਰ ਪਟਿਆਲਾ, ਸ. ਹਰਜੀਤ ਸਿੰਘ ਮੋਰਿੰਡਾ, ਸ. ਸਤਨਾਮ ਸਿੰਘ ਮੋਗਾ, ਸ. ਰਜਿੰਦਰ ਸਿੰਘ ਭਾਗੀਕੇ, ਸ. ਸੁਖਵਿੰਦਰ ਸਿੰਘ ਲੁਧਿਆਣਾ, ਸ੍ਰੀ ਗੁਰਦੀਪ ਚੰਦ ਚੰਡੀਗੜ੍ਹ, ਸ. ਬਲਰਾਜ ਸਿੰਘ ਬਰਾੜ ਮਾਨਸਾ, ਸ੍ਰੀ ਬਲਵਿੰਦਰ ਕੁਮਾਰ ਸ਼ਰਮਾ ਨਾਭਾ, ਸ. ਹਰਿੰਦਰਪਾਲ ਸਿੰਘ ਮੁਕਤਸਰ ਸਾਹਿਬ, ਬੀਬੀ ਨਵਨੀਤ ਕੌਰ ਅੰਮ੍ਰਿਤਸਰ, ਸ. ਗੁਰਜੀਤ ਸਿੰਘ ਅਤੇ ਸ੍ਰੀ ਮਦਨ ਲਾਲ ਸ਼ਾਮਲ ਸਨ।

# ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰੂ ਸਿੰਘ ਦੀ 300 ਸਾਲਾ ਜਨਮ ਸ਼ਤਾਬਦੀ ਮੌਕੇ ਸਮਾਗਮ ਆਯੋਜਿਤ

## ਸਿੱਖ ਨੌਜੁਆਨੀ ਭਾਈ ਤਾਰੂ ਸਿੰਘ ਜੀ ਦੇ ਜੀਵਨ ਤੋਂ ਦਿਸ਼ਾ ਨਿਰਧਾਰਤ ਕਰੇ- ਗਿਆਨੀ ਹਰਪ੍ਰੀਤ ਸਿੰਘ




ਅੰਮ੍ਰਿਤਸਰ- ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰੂ ਸਿੰਘ ਜੀ ਦਾ 300 ਸਾਲਾ ਜਨਮ ਦਿਹਾੜਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧ ਵਿਚ ਭਾਈ ਤਾਰੂ ਸਿੰਘ ਜੀ ਦੇ ਨਗਰ ਪੂਹਲਾ ਵਿਖੇ ਸਥਿਤ ਗੁਰਦੁਆਰਾ ਤਪ ਅਸਥਾਨ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕੀਤੇ ਗਏ, ਜਿਸ ਵਿਚ ਸਿੱਖ ਕੌਮ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਨਾਮਵਰ ਰਾਗੀ, ਢਾਡੀ, ਕਵੀਸ਼ਰ ਜਥਿਆਂ ਨੇ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਅਤੇ ਗੁਰਬਾਣੀ ਕੀਰਤਨ ਨਾਲ ਜੋੜਿਆ। ਸਮਾਗਮ ਦੌਰਾਨ ਉਚੇਚੇ ਤੌਰ 'ਤੇ ਪੁੱਜੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਭਾਈ ਤਾਰੂ ਸਿੰਘ ਜੀ ਦਾ ਜੀਵਨ ਸਿੱਖ ਜਗਤ ਲਈ ਪ੍ਰੇਰਣਾ ਦਾ ਉਹ ਸੋਮਾ ਹੈ, ਜੋ ਸਿੱਖੀ ਦੀ ਚੜ੍ਹਦੀ ਕਲਾ ਲਈ ਕਾਰਜਸ਼ੀਲ ਰਹਿਣ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਆਖਿਆ ਕਿ ਅਜੋਕੀ ਸਿੱਖ ਨੌਜੁਆਨੀ ਆਪਣੇ ਮਹਾਨ ਸ਼ਹੀਦਾਂ ਦੇ ਜੀਵਨ ਤੋਂ ਸੇਧ ਲੈ ਕੇ ਦਿਸ਼ਾ ਨਿਰਧਾਰਤ ਕਰਨੀ ਚਾਹੀਦੀ ਹੈ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਆਪਣੇ ਸੰਬੋਧਨ ਦੌਰਾਨ ਸਿੱਖ ਕੌਮ ਨੂੰ ਇਕਜੁਟ ਹੋਣ ਦਾ ਸੰਦੇਸ਼ ਵੀ ਦਿੱਤਾ। ਉਨ੍ਹਾਂ ਆਖਿਆ ਕਿ ਵਰਤਮਾਨ ਸਮੇਂ ਅੰਦਰ ਸਿੱਖ ਕੌਮ ਨੂੰ ਦਰਪੇਸ਼ ਸਮੱਸਿਆਵਾਂ ਦਾ ਇਕੋ ਇਕ ਹੱਲ ਕੌਮੀ ਏਕਤਾ ਹੀ ਹੈ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਜਿਥੇ ਸੰਗਤ ਨੂੰ ਭਾਈ ਤਾਰੂ ਸਿੰਘ ਜੀ ਦੇ 300 ਸਾਲਾ ਜਨਮ ਦਿਹਾੜੇ ਦੀ ਵਧਾਈ ਦਿੱਤੀ, ਉਥੇ ਹੀ ਗੁਰਬਾਣੀ ਦੀ ਸੇਧ ਵਿਚ ਜੀਵਨ ਜਿਊਣ ਦੀ ਪ੍ਰੇਰਣਾ ਕੀਤੀ। ਉਨ੍ਹਾਂ ਕਿਹਾ ਕਿ ਸ਼ਹੀਦ ਭਾਈ ਤਾਰੂ ਸਿੰਘ ਜੀ ਨੇ ਸਿੱਖੀ ਕੇਸਾਂ ਸੁਆਸਾਂ ਸੰਗ ਨਿਭਾ ਕੇ ਸਿੱਖ ਜਾਚ ਨੂੰ ਹੋਰ ਦ੍ਰਿੜ੍ਹ ਕੀਤਾ। ਸਮਾਗਮ ਦੌਰਾਨ ਦਮਦਮੀ ਟਕਸਾਲ ਦੇ ਮੁੱਖੀ ਗਿਆਨੀ ਹਰਨਾਮ ਸਿੰਘ ਖ਼ਾਲਸਾ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ ਤੇ ਭਾਈ ਅਜਾਇਬ ਸਿੰਘ ਅਭਿਆਸੀ ਸਮੇਤ ਹੋਰਾਂ ਨੇ ਵੀ ਵਿਚਾਰ ਸਾਂਝੇ ਕੀਤੇ। ਇਸ ਸਮੇਂ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਾਏ ਸਿੰਘ ਤੇ ਭਾਈ ਸਤਿੰਦਰਬੀਰ ਸਿੰਘ ਅਤੇ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਾਲਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਅਵਤਾਰ ਸਿੰਘ ਘਰਿਆਲਾ, ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਸ. ਵਿਰਸਾ ਸਿੰਘ ਵਟਲੋਹਾ, ਭਾਈ ਮਨਜੀਤ ਸਿੰਘ, ਸ. ਗੁਰਪ੍ਰੀਤ ਸਿੰਘ ਝੱਬਰ, ਭਾਈ ਅਜਾਇਬ ਸਿੰਘ ਅਭਿਆਸੀ, ਸ. ਬਾਵਾ ਸਿੰਘ ਗੁਮਾਨਪੁਰਾ, ਬਾਬਾ ਨਿਰਮਲ ਸਿੰਘ, ਭਾਈ ਹਰਮਿੱਤਰ ਸਿੰਘ, ਭਾਈ ਕੁਲਵੰਤ ਸਿੰਘ ਗੋਇੰਦਵਾਲ ਸਾਹਿਬ, ਬਾਬਾ ਸੋਹਣ ਸਿੰਘ ਬੀੜ ਸਾਹਿਬ ਵਾਲੇ, ਬਾਬਾ ਸੁਖਚੈਨ ਸਿੰਘ, ਬਾਬਾ ਰਘਬੀਰ ਸਿੰਘ, ਭਾਈ ਸੁਖਜੀਤ ਸਿੰਘ ਬੁੱਢਾ ਦਲ, ਬਾਬਾ ਸ਼ਿੰਦਾ ਸਿੰਘ ਭਿੱਖੀਵਿੰਡ, ਬਾਬਾ ਸੁਖਵਿੰਦਰ ਸਿੰਘ ਕਾਰਸੇਵਾ ਭੂਰੀਵਾਲੇ, ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਸਿਮਰਜੀਤ ਸਿੰਘ ਕੰਗ, ਸ. ਹਰਜੀਤ ਸਿੰਘ ਲਾਲੂਘੁੰਮਣ, ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਪਰਮਜੀਤ ਸਿੰਘ, ਸ. ਜਗੀਰ ਸਿੰਘ, ਸ. ਸੁਖਵੰਤ ਸਿੰਘ ਸਰਪੰਚ, ਬਾਬਾ ਮੌਜ ਦਾਸ, ਭਾਈ ਭਗਵੰਤ ਸਿੰਘ ਸੂਰਵਿੰਡ, ਭਾਈ ਗੁਰਿੰਦਰਪਾਲ ਸਿੰਘ ਬੈਂਕਾ, ਭਾਈ ਜਸਵਿੰਦਰ ਸਿੰਘ ਸ਼ਹੂਰ, ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ, ਭਾਈ ਗੁਰਬਚਨ ਸਿੰਘ ਕਲਸੀਆ, ਭਾਈ ਮਨਬੀਰ ਸਿੰਘ ਪਹੂਵਿੰਡ ਸਮੇਤ ਸੰਗਤਾਂ ਮੌਜੂਦ ਸਨ।

# ਸਿੱਖ ਮਿਸ਼ਨ ਜੰਮੂ-ਕਸ਼ਮੀਰ ਵੱਲੋਂ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ



ਜੰਮੂ- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਅਤੇ ਸ਼ਹੀਦ ਭਾਈ ਤਾਰੂ ਸਿੰਘ ਜੀ ਦੇ 300 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸਿੱਖ ਮਿਸ਼ਨ ਜੰਮੂ-ਕਸ਼ਮੀਰ ਵੱਲੋਂ ਬੱਚਿਆਂ ਦੇ ਡਰਾਇੰਗ ਅਤੇ ਗੁਰਮਤਿ ਫਿਲਾਸਫੀ ਲੇਖ ਮੁਕਾਬਲੇ ਕਰਵਾਏ ਗਏ। ਸਿੱਖ ਮਿਸ਼ਨ ਜੰਮੂ-ਕਸ਼ਮੀਰ ਦੇ ਉਪਰਾਲੇ ਨਾਲ ਕਰਵਾਏ ਗਏ ਇਨ੍ਹਾਂ ਮੁਕਾਬਲਿਆਂ ਸਮੇਂ ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿਚ ਵਿਦਿਆਰਥੀਆਂ ਨੇ ਭਾਗ ਲਿਆ। ਡਰਾਇੰਗ ਮੁਕਾਬਲੇ ਵਿਚ ਲਗਭਗ 1200 ਅਤੇ ਲੇਖ ਮੁਕਾਬਲੇ ਵਿੱਚ 350 ਵਿਦਿਆਰਥੀਆਂ ਨੇ ਭਾਗ ਲਿਆ। ਇਹਨਾਂ ਮੁਕਾਬਲਿਆਂ ਦੇ ਸਮੁੱਚੇ ਪ੍ਰੋਗਰਾਮ ਦੇ ਪ੍ਰਬੰਧ ਦੀ ਜ਼ਿੰਮੇਵਾਰੀ ਭਾਈ ਜਗਦੇਵ ਸਿੰਘ ਹੈਡ ਪ੍ਰਚਾਰਕ, ਭਾਈ ਜਸਵਿੰਦਰ ਸਿੰਘ ਸ਼ਹੂਰ ਇੰਚਾਰਜ ਮਾਝਾ ਜੋਨ ਅਤੇ ਭਾਈ ਹਰਭਿੰਦਰ ਸਿੰਘ ਇੰਚਾਰਜ ਸਿੱਖ ਮਿਸ਼ਨ ਜੰਮੂ-ਕਸ਼ਮੀਰ ਨੇ ਪ੍ਰਚਾਰਕ ਅਤੇ ਦਫ਼ਤਰੀ ਸਟਾਫ਼ ਨਾਲ ਨਿਭਾਈ। ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਰਾਮਪੁਰ, ਗੁਰਦਾਸਪੁਰ ਵਿਖੇ ਕਰਵਾਏ ਗਏ ਸਨਮਾਨ ਸਮਾਰੋਹ ਸਮੇਂ ਮੁਕਾਬਲਿਆਂ ਦੇ ਨਤੀਜੇ ਦਾ ਐਲਾਨ ਕੀਤਾ ਗਿਆ। ਪਹਿਲਾ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਨਕਦ ਰਾਸ਼ੀ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਭਾਈ ਮੋਹਨ ਸਿੰਘ ਪ੍ਰਚਾਰਕ, ਭਾਈ ਤਰਨਜੀਤ ਸਿੰਘ ਪ੍ਰਚਾਰਕ ਤੇ ਹੋਰ ਹਾਜ਼ਰ ਸਨ।

### ਸ੍ਰੀ ਦਰਬਾਰ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ 'ਤੇ ਧਰਨਾਕਾਰੀਆਂ ਵੱਲੋਂ ਕੀਤੇ ਕਾਤਲਾਨਾ ਹਮਲੇ ਦਾ ਮਾਮਲਾ:

# ਜੇਕਰ ਕਰਾਸ ਕੇਸ ਰੱਦ ਨਾ ਕੀਤਾ ਤਾਂ ਪੈਦਾ ਹੋਣ ਵਾਲੇ ਹਾਲਾਤਾਂ ਦੀ ਜ਼ੁੰਮੇਵਾਰ ਪੰਜਾਬ ਸਰਕਾਰ ਹੋਵੇਗੀ-ਭਾਈ ਲੌਂਗੋਵਾਲ

### ਸ਼੍ਰੋਮਣੀ ਕਮੇਟੀ ਮੈਂਬਰਾਂ ਤੇ ਮੁਲਾਜ਼ਮਾਂ 'ਤੇ ਕੀਤਾ ਕਰਾਸ ਕੇਸ ਰੱਦ ਕਰਨ ਲਈ ਮੁੱਖ ਮੰਤਰੀ ਦੇ ਨਾਂ ਮੰਗ ਪੱਤਰ ਦਿੱਤਾ





ਚੰਡੀਗੜ੍ਹ- ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਸਾਹਮਣੇ ਧਰਨਾ ਲਗਾ ਕੇ ਬੈਠੇ ਵਿਅਕਤੀਆਂ ਵੱਲੋਂ 24 ਅਕਤੂਬਰ ਨੂੰ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਅਤੇ ਮੁਲਾਜ਼ਮਾਂ 'ਤੇ ਕੀਤੇ ਗਏ ਕਾਤਲਾਨਾ ਹਮਲੇ ਮਗਰੋਂ ਉਲਟਾ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਅਤੇ ਮੁਲਾਜ਼ਮਾਂ 'ਤੇ ਕਰਵਾਇਆ ਗਿਆ ਕਰਾਸ ਕੇਸ ਰੱਦ ਕਰਵਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੂੰ ਮੰਗ ਪੱਤਰ ਦੇਣ ਗਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਵੱਡੀ ਗਿਣਤੀ ਮੈਂਬਰਾਂ ਵੱਲੋਂ ਕੁਝ ਸਮੇਂ ਲਈ ਮੁੱਖ ਮੰਤਰੀ ਦੀ ਰਿਹਾਇਸ਼ ਦੇ ਬਾਹਰ ਧਰਨਾ ਲਗਾ ਦਿੱਤਾ ਗਿਆ। ਸ਼੍ਰੋਮਣੀ ਕਮੇਟੀ ਦੇ ਸਾਰੇ ਅਹੁਦੇਦਾਰਾਂ ਅਤੇ ਮੈਂਬਰਾਂ ਸਮੇਤ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਪੁੱਜੇ ਭਾਈ ਲੌਂਗੋਵਾਲ ਨੇ ਮੰਗ ਕੀਤੀ ਕਿ ਬੀਤੇ ਦਿਨੀਂ ਅਖੌਤੀ ਸਤਿਕਾਰ ਕਮੇਟੀ ਦੇ ਜਿਨ੍ਹਾਂ ਵਿਅਕਤੀਆਂ ਨੇ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਅਤੇ ਅਧਿਕਾਰੀਆਂ 'ਤੇ ਕਾਤਲਾਨਾ ਹਮਲਾ ਕਰਕੇ ਮੁਲਾਜ਼ਮਾਂ ਨੂੰ ਗੰਭੀਰ ਜ਼ਖ਼ਮੀ ਕੀਤਾ ਸੀ, ਉਨ੍ਹਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਕਾਨੂੰਨ ਅਨੁਸਾਰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਇਕ ਪਾਸੇ ਇਨ੍ਹਾਂ ਲੋਕਾਂ ਨੇ ਸ਼੍ਰੋਮਣੀ ਕਮੇਟੀ ਦਫ਼ਤਰ ਦੇ ਮੁੱਖ ਦਰਵਾਜ਼ੇ ਨੂੰ ਤਾਲੇ ਲਗਾ ਕੇ ਦੁਪਹਿਰ ਸਮੇਂ ਲੰਗਰ ਛਕਣ ਜਾ ਰਹੇ ਮੁਲਾਜ਼ਮਾਂ ਨੂੰ ਮੰਦ ਭਾਸ਼ਾ ਵਰਤੀ ਅਤੇ ਇਸ ਮਗਰੋਂ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਕਈਆਂ ਨੂੰ ਜ਼ਖ਼ਮੀ ਕਰ ਦਿੱਤਾ। ਹੈਰਾਨੀ ਦੀ ਗੱਲ ਹੈ ਕਿ ਜਿਨ੍ਹਾਂ ਲੋਕਾਂ ਖਿਲਾਫ਼ ਸ਼੍ਰੋਮਣੀ ਕਮੇਟੀ ਵੱਲੋਂ ਪਰਚਾ ਦਰਜ ਕਰਵਾਇਆ ਗਿਆ ਹੈ, ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਦੀ ਬਜਾਏ ਖੁਲ੍ਹੇਆਮ ਵਿਚਰਨ ਦਿੱਤਾ ਜਾ ਰਿਹਾ ਹੈ। ਇਸ ਤੋਂ ਵੱਡੀ ਤਰਾਸਦੀ ਹੋਰ ਕੀ ਹੋ ਸਕਦੀ ਹੈ ਕਿ ਇਹ ਲੋਕ ਪੁਲਿਸ ਕਮਿਸ਼ਨਰ ਅਤੇ ਹੋਰ ਆਲ੍ਹਾ ਪੁਲਿਸ ਅਧਿਕਾਰੀਆਂ ਨੂੰ ਸ਼ਰ੍ਹੇਆਮ ਮਿਲ ਰਹੇ ਹਨ, ਪਰੰਤੂ ਇਨ੍ਹਾਂ ਦੀ ਗ੍ਰਿਫ਼ਤਾਰੀ ਨਹੀਂ ਕੀਤੀ ਜਾ ਰਹੀ। ਭਾਈ ਲੌਂਗੋਵਾਲ ਨੇ ਆਖਿਆ ਕਿ ਇਸ ਤੋਂ ਸਾਫ਼ ਪ੍ਰਗਟ ਹੋ ਰਿਹਾ ਹੈ ਕਿ ਪੰਜਾਬ ਸਰਕਾਰ ਇਨ੍ਹਾਂ ਦੀ ਪੁਸ਼ਤਪਨਾਹੀ ਕਰ ਰਹੀ ਹੈ।

ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਨੂੰ ਦਿੱਤੇ ਮੰਗ ਪੱਤਰ ਵਿਚ ਕਿਹਾ ਕਿ ਸ਼੍ਰੋਮਣੀ ਕਮੇਟੀ ਮੈਂਬਰਾਂ ਤੇ ਮੁਲਾਜ਼ਮਾਂ 'ਤੇ ਕੀਤਾ ਗਿਆ ਕਰਾਸ ਪਰਚਾ ਤੁਰੰਤ ਰੱਦ ਕੀਤਾ ਜਾਵੇ ਅਤੇ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ 'ਤੇ ਹਮਲਾ ਕਰਨ ਵਾਲੇ ਅਖੌਤੀ ਸਤਿਕਾਰ ਕਮੇਟੀ ਦੇ ਲੋਕਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ। ਜੇਕਰ ਅਜਿਹਾ ਨਾ ਕੀਤਾ ਗਿਆ ਤਾਂ ਬਣੇ ਮਾਹੌਲ ਦੀ ਜ਼ੁੰਮੇਵਾਰੀ ਪੰਜਾਬ ਦੀ ਕਾਂਗਰਸ ਸਰਕਾਰ ਹੋਵੇਗੀ। ਇਸ ਦੌਰਾਨ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੇ ਓ.ਐਸ.ਡੀ. ਸ੍ਰੀ ਅੰਕਿਤ ਬਾਂਸਲ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਪਾਸੋਂ ਮੰਗ ਪੱਤਰ ਪ੍ਰਾਪਤ ਕਰਕੇ ਕਿਹਾ ਕਿ ਉਹ ਇਸ ਨੂੰ ਮੁੱਖ ਮੰਤਰੀ ਦੇ ਪੇਸ਼ ਕਰਨਗੇ।

ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਅਤੇ ਸ਼੍ਰੋਮਣੀ ਕਮੇਟੀ ਦੇ ਸਮੂਹ ਮੈਂਬਰਾਂ ਨੇ ਗੁਰਦੁਆਰਾ ਸ੍ਰੀ ਕਲਗੀਧਰ ਨਿਵਾਸ ਸੈਕਟਰ 27-ਬੀ ਵਿਖੇ ਇਕ ਭਰਵੀਂ ਇਕੱਤਰਤਾ ਕਰਕੇ ਪੰਜਾਬ ਦੀ ਕਾਂਗਰਸ ਸਰਕਾਰ ਵੱਲੋਂ ਪ੍ਰਤੀਨਿਧ ਸਿੱਖ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤੋੜਨ ਦੀਆਂ ਚੱਲੀਆਂ ਜਾ ਰਹੀਆਂ ਚਾਲਾਂ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕੀਤੀ ਅਤੇ ਅਜਿਹੇ ਵਰਤਾਰੇ ਤੋਂ ਬਾਜ ਆਉਣ ਦੀ ਤਾੜਨਾ ਵੀ ਕੀਤੀ। ਬੁਲਾਰਿਆਂ ਨੇ ਕਿਹਾ ਕਿ ਕਾਂਗਰਸ ਸਰਕਾਰ ਹਮੇਸ਼ਾ ਹੀ ਸਿੱਖ ਵਿਰੋਧੀ ਚਾਲਾਂ ਚਲਦੀ ਰਹੀ ਹੈ, ਇਸ ਦੀ ਮਿਸਾਲ 1984 ਦਾ ਸਿੱਖ ਕਤਲੇਆਮ ਹੈ। ਜਦੋਂ ਜਦੋਂ ਵੀ ਕਾਂਗਰਸ ਸਰਕਾਰ ਬਣੀ ਤਾਂ ਸਿੱਖਾਂ ਦੇ ਮਸਲਿਆਂ ਨੂੰ ਦਬਾਉਣ ਦੇ ਨਾਲ-ਨਾਲ ਸਿੱਖ ਸੰਸਥਾਵਾਂ 'ਤੇ ਵੀ ਸਿੱਧੇ ਹਮਲੇ ਕੀਤੇ ਗਏ। ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ 40 ਦਿਨ ਲਗਾਏ ਗਏ ਧਰਨੇ ਅਤੇ 24 ਅਕਤੂਬਰ 2020 ਨੂੰ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ 'ਤੇ ਕੀਤਾ ਗਿਆ ਕਾਤਲਾਨਾ ਹਮਲਾ ਇਸ ਦੀ ਤਾਜ਼ਾ ਮਿਸਾਲ ਹੈ। ਜੇਕਰ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਸਮੇਂ ਸਿਰ ਧਰਨਾਕਾਰੀਆਂ ਨੂੰ ਉਠਾਉਂਦੀ ਤਾਂ ਇਹ ਹਾਲਾਤ ਨਾ ਬਣਦੇ। ਉਨ੍ਹਾਂ ਇਹ ਵੀ ਆਖਿਆ ਕਿ ਕਾਂਗਰਸ ਦੇ ਕੁਝ ਮੰਤਰੀਆਂ ਦੀ ਹਿਮਾਇਤ ਵੀ ਇਨ੍ਹਾਂ ਅਖੌਤੀ ਸਤਿਕਾਰ ਕਮੇਟੀ ਵਾਲਿਆਂ ਨੂੰ ਹਾਸਲ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੈਂਬਰ ਜਥੇਦਾਰ ਤੋਤਾ ਸਿੰਘ, ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸਾਬਕਾ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਗੁਰਪਾਲ ਸਿੰਘ ਗੋਰਾ, ਭਾਈ ਮਨਜੀਤ ਸਿੰਘ, ਭਾਈ ਰਾਮ ਸਿੰਘ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਚਰਨ ਸਿੰਘ ਗਰੇਵਾਲ, ਭਾਈ ਅਮਰਜੀਤ ਸਿੰਘ ਚਾਵਲਾ, ਸ. ਗੁਰਪ੍ਰੀਤ ਸਿੰਘ ਝੱਬਰ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਗੁਰਮੀਤ ਸਿੰਘ ਬੂਹ, ਸ. ਹਰਪਾਲ ਸਿੰਘ ਜੱਲ੍ਹਾ, ਬੀਬੀ ਰਣਜੀਤ ਕੌਰ ਮਾਹਲ, ਸ. ਨਿਰਮਲ ਸਿੰਘ, ਸ. ਪਰਮਜੀਤ ਸਿੰਘ, ਸ. ਗੁਰਤੇਜ ਸਿੰਘ ਢੱਡੇ, ਸ. ਸੁਰਜੀਤ ਸਿੰਘ ਰਾਏਪੁਰ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਰਵਿੰਦਰ ਸਿੰਘ ਖਾਲਸਾ, ਸ. ਅਵਤਾਰ ਸਿੰਘ ਰਿਆ, ਸ. ਗੁਰਨਾਮ ਸਿੰਘ ਜੱਸਲ, ਸ. ਬਲਦੇਵ ਸਿੰਘ ਚੂੰਘਾ, ਬੀਬੀ ਜਸਪਾਲ ਕੌਰ, ਬੀਬੀ ਮਲਕੀਤ ਕੌਰ ਕਮਾਲਪੁਰ, ਸ. ਭੁਪਿਦਰ ਸਿੰਘ ਭਲਵਾਨ, ਜਥੇਦਾਰ ਤਾਰਾ ਸਿੰਘ, ਬੀਬੀ ਜੋਗਿੰਦਰ ਕੌਰ ਬਠਿੰਡਾ, ਬੀਬੀ ਗੁਰਿੰਦਰ ਕੌਰ, ਬੀਬੀ ਜੋਗਿੰਦਰ ਕੌਰ, ਸ. ਬਲਜੀਤ ਸਿੰਘ ਜਲਾਲਉਸਮਾ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਜਸਮੇਰ ਸਿੰਘ ਲਾਛੜੂ, ਬੀਬੀ ਜਸਵੀਰ ਕੌਰ, ਬੀਬੀ ਕੁਲਦੀਪ ਕੌਰ, ਸ. ਅਜਮੇਰ ਸਿੰਘ ਖੇੜਾ, ਸ. ਚਰਨਜੀਤ ਸਿੰਘ ਕਾਲੇਵਾਲ, ਬੀਬੀ ਪਰਮਜੀਤ ਕੌਰ ਲਾਂਡਰਾਂ, ਬੀਬੀ ਗੁਰਪ੍ਰੀਤ ਕੌਰ, ਸ. ਕਰਨੈਲ ਸਿੰਘ ਪੰਜੋਲੀ, ਸ. ਬਲਦੇਵ ਸਿੰਘ ਖਾਲਸਾ, ਸ. ਜਸਮੇਰ ਸਿੰਘ ਲਾਛੜੂ, ਸ. ਬਲਦੇਵ ਸਿੰਘ ਕਾਇਮਪੁਰ, ਸ. ਹਰਭਜਨ ਸਿੰਘ ਮਸਾਣਾ, ਬੀਬੀ ਦਵਿੰਦਰ ਕੌਰ ਕਾਲਰਾ, ਸ. ਨਿਰਮਲ ਸਿੰਘ ਝਬਾਲ, ਸ. ਦਲਜੀਤ ਸਿੰਘ ਭਿੰਡਰ, ਸ. ਰਮਨਦੀਪ ਸਿੰਘ, ਸ. ਨਵਤੇਜ ਸਿੰਘ ਕਾਉਣੀ, ਸ. ਸਰਵਣ ਸਿੰਘ ਕੁਲਾਰ, ਬੀਬੀ ਜਿੰਦਰ ਕੌਰ, ਸ. ਪ੍ਰਿਤਪਾਲ ਸਿੰਘ, ਸ. ਸੁਰਿੰਦਰ ਸਿੰਘ ਭੂਲੇਵਾਲ, ਸਕੱਤਰ ਸ. ਮਹਿੰਦਰ ਸਿੰਘ ਆਹਲੀ ਆਦਿ ਸ਼ਾਮਲ ਹਨ।

# ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਦੀ ਬਰਸੀ ਮਨਾਈ



ਅੰਮ੍ਰਿਤਸਰ- ਸ੍ਰੀ ਦਰਬਾਰ ਸਾਹਿਬ ਵਿਖੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਅਗਵਾਈ ਕਰਨ ਵਾਲੇ ਜਨਰਲ ਵੈਦਿਆ ਨੂੰ ਮੌਤ ਦੇ ਘਾਟ ਉਤਾਰਨ ਵਾਲੇ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਦੀ ਸਾਲਾਨਾ ਬਰਸੀ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਗੁਰਦੁਆਰਾ ਝੰਡਾ ਬੁੰਗਾ ਸਾਹਿਬ ਵਿਖੇ ਮਨਾਈ ਗਈ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ, ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਗੁਰਮਿੰਦਰ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਸੁਰਜੀਤ ਸਿੰਘ ਕੰਗ, ਸ. ਸ਼ੇਰ ਸਿੰਘ ਮੰਡਵਾਲਾ, ਸ. ਭੁਪਿੰਦਰ ਸਿੰਘ ਅਸੰਧ, ਬੀਬੀ ਕੁਲਦੀਪ ਕੌਰ ਟੌਹੜਾ, ਸ. ਗੁਰਪਾਲ ਸਿੰਘ ਗੋਰਾ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਭਗਵੰਤ ਸਿੰਘ ਸਿਆਲਕਾ, ਹੈੱਡ ਗ੍ਰੰਥੀ ਭਾਈ ਮਲਕੀਤ ਸਿੰਘ, ਭਾਈ ਸੁਖਵਿੰਦਰ ਸਿੰਘ ਅਗਵਾਨ, ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਰੋਡੇ, ਸ. ਹਰਪਾਲ ਸਿੰਘ ਜੱਲਾ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਗੁਰਮੀਤ ਸਿੰਘ ਬੂਹ, ਸ. ਕੰਵਰਪਾਲ ਸਿੰਘ ਬਿੱਟੂ, ਸ. ਜਰਨੈਲ ਸਿੰਘ ਸਖੀਰਾ, ਪ੍ਰੋ. ਬਲਜਿੰਦਰ ਸਿੰਘ, ਸ. ਨਰਾਇਣ ਸਿੰਘ, ਸ. ਰਣਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਹਰਜਿੰਦਰ ਸਿੰਘ ਕੈਰੋਂਵਾਲ, ਮੈਨੇਜਰ ਸ. ਮੁਖਤਾਰ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਭਾਈ ਨਿਰਮਲ ਸਿੰਘ ਆਦਿ ਹਾਜ਼ਰ ਸਨ।

# ਸਿੱਖਾਂ ਨਾਲ ਹੋ ਰਹੇ ਧੱਕੇ ਅਤੇ ਭਰਾ ਮਾਰੂ ਜੰਗ ਤੋਂ ਬਚਣ ਲਈ ਇਕਜੁਟ ਹੋਵੇ ਕੌਮ- ਗਿਆਨੀ ਹਰਪ੍ਰੀਤ ਸਿੰਘ

### ਬਾਬਾ ਬੀਰ ਸਿੰਘ ਨੌਰੰਗਾਬਾਦੀ ਤੇ ਹੋਰ ਸਿੱਖ ਜਰਨੈਲਾਂ ਦੀ ਸ਼ਹਾਦਤ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਸ਼ਚਾਤਾਪ ਸਮਾਗਮ



ਅੰਮ੍ਰਿਤਸਰ- ਮਹਾਰਾਜਾ ਰਣਜੀਤ ਸਿੰਘ ਦੇ ਅਕਾਲ ਚਲਾਣੇ ਤੋਂ ਬਾਅਦ ਡੋਗਰਿਆਂ ਦੇ ਬਹਿਕਾਵੇਂ ਵਿਚ ਆ ਕੇ ਗੁੰਮਰਾਹ ਹੋਏ ਸਿੱਖ ਸੈਨਿਕਾਂ ਵੱਲੋਂ ਬਾਬਾ ਬੀਰ ਸਿੰਘ ਨੌਰੰਗਾਬਾਦੀ ਅਤੇ ਹੋਰ ਸਿੱਖ ਜਰਨੈਲਾਂ ਨੂੰ ਸ਼ਹੀਦ ਕੀਤੇ ਜਾਣ ਦੇ ਪਸ਼ਚਾਤਾਪ ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਅਰਦਾਸ ਕੀਤੀ ਗਈ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਦੀਪ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸਾਬਕਾ ਜਥੇਦਾਰ ਭਾਈ ਜਸਬੀਰ ਸਿੰਘ ਰੋਡੇ ਅਤੇ ਬਾਬਾ ਜਗਜੀਤ ਸਿੰਘ ਹਰਖੋਵਾਲ ਵਾਲਿਆਂ ਨੇ ਵਿਚਾਰ ਸਾਂਝੇ ਕੀਤੇ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੀ ਮੌਜੂਦ ਸਨ।

ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਆਖਿਆ ਕਿ ਸਿੱਖਾਂ ਨੂੰ ਹਮੇਸ਼ਾ ਹੀ ਵਿਰੋਧੀਆਂ ਦੀਆਂ ਚਾਲਾਂ ਦਾ ਸ਼ਿਕਾਰ ਹੋਣਾ ਪਿਆ ਹੈ। ਮਹਾਰਾਜਾ ਰਣਜੀਤ ਸਿੰਘ ਦੀ ਮੌਤ ਤੋਂ ਬਾਅਦ ਅੰਗਰੇਜ਼ਾਂ ਨੇ ਸਿੱਖ ਰਾਜ ਨੂੰ ਖ਼ਤਮ ਕਰਨ ਲਈ ਡੋਗਰਿਆਂ ਨੂੰ ਆਪਣਾ ਹੱਥ-ਠੋਕਾ ਬਣਾਇਆ, ਜਿਸ ਦਾ ਨਤੀਜਾ ਇਹ ਨਿਕਲਿਆ ਕਿ ਸਿੱਖ ਸੈਨਿਕਾਂ ਹੱਥੋਂ ਹੀ ਬਾਬਾ ਬੀਰ ਸਿੰਘ ਨੌਰੰਗਾਬਾਦੀ ਸਮੇਤ ਸਿੱਖ ਜਰਨੈਲਾਂ ਨੂੰ ਸ਼ਹਾਦਤ ਦਾ ਜਾਮ ਪੀਣਾ ਪਿਆ। ਉਨ੍ਹਾਂ ਕਿਹਾ ਕਿ ਅੱਜ ਵੀ ਅਜਿਹੀਆਂ ਕਈ ਸਿੱਖ ਵਿਰੋਧੀ ਸ਼ਕਤੀਆਂ ਸਿੱਖਾਂ ਨੂੰ ਲੜਾ ਰਹੀਆਂ ਹਨ। ਸਿੱਖਾਂ ਨਾਲ ਹੋ ਰਹੇ ਧੱਕੇ ਦਾ ਕਾਰਨ ਸਾਡਾ ਇਕੱਠੇ ਨਾ ਹੋਣਾ ਹੈ। ਉਨ੍ਹਾਂ ਮੌਜੂਦਾ ਸਮੇਂ ਅੰਦਰ ਸਿੱਖਾਂ ਨੂੰ ਭਰਾ ਮਾਰੂ ਜੰਗ ਤੋਂ ਬਚਣ ਅਤੇ ਇਕਜੁਟ ਹੋਣ ਦੀ ਅਪੀਲ ਕੀਤੀ। ਗਿਆਨੀ ਹਰਪ੍ਰੀਤ ਸਿੰਘ ਨੇ ਜੰਮੂ ਕਸ਼ਮੀਰ ਅਤੇ ਰਾਜਿਸਥਾਨ ਅੰਦਰ ਪੰਜਾਬੀ ਨੂੰ ਅਣਦੇਖਿਆ ਕੀਤੇ ਜਾਣ 'ਤੇ ਵੀ ਸਵਾਲ ਉਠਾਇਆ।

ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਡੋਗਰਿਆਂ ਵੱਲੋਂ 176 ਸਾਲ ਪਹਿਲਾਂ ਕੀਤੇ ਗਏ ਕਤਲੇਆਮ ਦਾ ਇਤਿਹਾਸ ਸਾਂਝਾ ਕਰਦਿਆਂ ਸਿੱਖ ਕੌਮ ਨੂੰ ਵਰਤਮਾਨ ਸਮੇਂ ਸੁਚੇਤ ਰੂਪ ਵਿਚ ਸਿੱਖੀ ਦੀ ਚੜ੍ਹਦੀ ਕਲਾ ਲਈ ਕਾਰਜਸ਼ੀਲ ਹੋਣ ਦੀ ਪ੍ਰੇਰਣਾ ਕੀਤੀ।

ਇਸ ਮੌਕੇ ਪੁੱਜੀਆਂ ਸ਼ਖ਼ਸੀਅਤਾਂ ਵਿਚ ਬਾਬਾ ਗੱਜਣ ਸਿੰਘ ਮੁਖੀ ਤਰਨਾ ਦਲ, ਬਾਬਾ ਬੁੱਧ ਸਿੰਘ ਨਿੱਕੇਘੁੰਮਣ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਸ਼੍ਰੋਮਣੀ ਅਕਾਲੀ ਦਲ ਵੱਲੋਂ ਜਥੇਦਾਰ ਗੁਲਜ਼ਾਰ ਸਿੰਘ ਰਣੀਕੇ, ਦਮਦਮੀ ਟਕਸਾਲ ਵੱਲੋਂ ਬਾਬਾ ਬੋਹੜ ਸਿੰਘ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਵੱਲੋਂ ਬਾਬਾ ਨਾਹਰ ਸਿੰਘ, ਹੈੱਡ ਗ੍ਰੰਥੀ ਭਾਈ ਮਲਕੀਤ ਸਿੰਘ, ਬਾਬਾ ਹਾਕਮ ਸਿੰਘ, ਡੇਰਾ ਭਾਈ ਮਹਾਰਾਜ ਸਿੰਘ ਤੋਂ ਬਾਬਾ ਗੁਰਰਾਜਪਾਲ ਸਿੰਘ, ਬਾਬਾ ਹਰਦੇਵ ਸਿੰਘ, ਬਾਬਾ ਸੁੱਖਾ ਸਿੰਘ, ਬੁੱਢਾ ਦਲ ਵੱਲੋਂ ਭਾਈ ਸੁਖਜੀਤ ਸਿੰਘ, ਬਾਬਾ ਲਾਲ ਸਿੰਘ ਤਰਨਾ ਦਲ ਵੱਲੋਂ ਬਾਬਾ ਸੁਖਪਾਲ ਸਿੰਘ, ਬਾਬਾ ਸ਼ਿੰਦਾ ਸਿੰਘ ਭਿੱਖੀਵਿੰਡ, ਬਾਬਾ ਬਲਦੇਵ ਸਿੰਘ ਵੱਲ੍ਹਾ, ਬਾਬਾ ਹਰਜਿੰਦਰ ਸਿੰਘ ਮੁਕਤਸਰ ਸਾਹਿਬ, ਬਾਬਾ ਬਲਦੇਵ ਸਿੰਘ ਮੁਸ਼ਤਰਾਪੁਰ, ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਬਾਬਾ ਲਾਲ ਸਿੰਘ ਤਰਨਾ ਦਲ ਵੱਲੋਂ ਬਾਬਾ ਸੁਖਪਾਲ ਸਿੰਘ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਰਾਮ ਸਿੰਘ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਭਗਵੰਤ ਸਿੰਘ ਸਿਆਲਕਾ, ਸ. ਬਾਵਾ ਸਿੰਘ ਗੁਮਾਨਪੁਰਾ, ਬਾਬਾ ਬੂਟਾ ਸਿੰਘ ਗੁਰਥੜੀ ਵਾਲੇ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਬਾਬਾ ਸਤਨਾਮ ਸਿੰਘ ਚੌਂਤਾ, ਬਾਬਾ ਗੁਰਮੀਤ ਸਿੰਘ ਬਾਲੇਵਾਲ, ਸ. ਗੁਰਪ੍ਰਤਾਪ ਸਿੰਘ ਟਿੱਕਾ, ਬਾਬਾ ਸਤਨਾਮ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਮੈਨੇਜਰ ਸ. ਮੁਖਤਾਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਮਲਕੀਤ ਸਿੰਘ ਬਹਿੜਵਾਲ ਆਦਿ ਸ਼ਾਮਲ ਸਨ।

# ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ 'ਚ ਬੇਅਦਬੀ ਦੀਆਂ ਘਟਨਾਵਾਂ ਦੀ ਭਾਈ ਲੌਂਗੋਵਾਲ ਵੱਲੋਂ ਨਿੰਦਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜ਼ਿਲ੍ਹਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਪਿੰਡ ਤਰਖਾਣ ਮਾਜਰਾ ਅਤੇ ਪਿੰਡ ਜੱਲ੍ਹਾ 'ਚ ਵਾਪਰੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਭਾਈ ਲੌਂਗੋਵਾਲ ਨੇ ਬੇਅਦਬੀ ਘਟਨਾ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕਰਦਿਆਂ ਕਿਹਾ ਕਿ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਲੋਕਾਂ ਨੂੰ ਬਖ਼ਸ਼ਿਆ ਨਹੀਂ ਜਾਣਾ ਚਾਹੀਦਾ। ਉਨ੍ਹਾਂ ਆਖਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੇ ਨੂੰ ਬੇਸ਼ੱਕ ਗ੍ਰਿਫ਼ਤਾਰ ਕਰ ਕੇ ਪੁਲਿਸ ਹਵਾਲੇ ਕੀਤਾ ਗਿਆ ਹੈ, ਪਰੰਤੂ ਇਸ ਦੇ ਪਿੱਛੇ ਕੰਮ ਕਰਦੀਆਂ ਸ਼ਕਤੀਆਂ ਵੀ ਸਾਹਮਣੇ ਲਿਆਉਣੀਆਂ ਚਾਹੀਦੀਆਂ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਪਿਛਲੇ ਦਿਨੀਂ ਮੰਡੀ ਗੋਬਿੰਦਗੜ੍ਹ ਨਜ਼ਦੀਕ ਪਿੰਡ ਤੂਰਾਂ 'ਚ ਵੀ ਇਕ ਵਿਅਕਤੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸ਼ਰੇਆਮ ਬੇਅਦਬੀ ਕੀਤੀ ਗਈ ਸੀ। ਇਹ ਘਟਨਾਵਾਂ ਪੰਜਾਬ ਦੇ ਮਾਹੌਲ ਨੂੰ ਖਰਾਬ ਕਰਨ ਵਾਲੀਆਂ ਹਨ। ਭਾਈ ਲੌਂਗੋਵਾਲ ਨੇ ਪੰਜਾਬ ਸਰਕਾਰ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸੂਬੇ ਅੰਦਰ ਹੋ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ ਅਤੇ ਸਰਕਾਰ ਖ਼ਾਮੋਸ਼ ਬੈਠੀ ਹੋਈ ਹੈ। ਉਨ੍ਹਾਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸੰਗਤ ਨੂੰ ਵੀ ਅਪੀਲ ਕੀਤੀ ਕਿ ਉਹ ਗੁਰਦੁਆਰਾ ਸਾਹਿਬਾਨ ਵਿਖੇ ਪਹਿਰੇਦਾਰੀ ਨੂੰ ਯਕੀਨੀ ਬਣਾਉਣ, ਤਾਂ ਜੋ ਅਜਿਹੀਆਂ ਘਟਨਾਵਾਂ ਨਾ ਵਾਪਰਨ।

# ਵੱਖ-ਵੱਖ ਜ਼ਿਲ੍ਹਿਆਂ ਦੇ ਬੱਚਿਆਂ ਦੇ ਆਨਲਾਈਨ ਗੁਰਬਾਣੀ ਕੰਠ ਤੇ ਅਰਥ ਬੋਧ ਸਮਾਗਮ ਕਰਵਾਏ ਗਏ

ਜਲੰਧਰ- ਕੋਰੋਨਾ ਵਾਇਰਸ ਦੇ ਚਲਦਿਆਂ ਘਰਾਂ ਚ ਬੈਠੇ ਬੱਚਿਆਂ ਨੂੰ ਗੁਰਮਤਿ ਅਤੇ ਸਿੱਖ ਵਿਰਸੇ ਨਾਲ ਜੋੜਨ ਵਾਸਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਨੂੰ ਸਮਰਪਿਤ ਪ੍ਰਧਾਨ ਸ਼੍ਰੋਮਣੀ ਕਮੇਟੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਮੈਂਬਰ ਸਹਿਬਾਨ ਦੀ ਦੇਖਰੇਖ ਹੇਠ ਜਿਲ੍ਹਾ ਕਪੂਰਥਲਾ, ਜਲੰਧਰ ਅਤੇ ਫਿਰੋਜ਼ਪੁਰ ਦੇ ਵਿਦਿਆਰਥੀਆਂ ਲਈ ਮਾਝਾ ਜ਼ੋਨ ਤਹਿਤ ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ ਇੰਚਾਰਜ਼ ਮਾਝਾ ਜ਼ੋਨ ਅਤੇ ਹਲਕਾ ਪ੍ਰਚਾਰਕ ਸਾਹਿਬਾਨ ਦੇ ਵਿਸ਼ੇਸ਼ ਉਪਰਾਲੇ ਨਾਲ ਆਨਲਾਈਨ "ਜਪੁਜੀ ਸਾਹਿਬ ਕੰਠ, ਅਰਥ ਬੋਧ ਪਰਜਾ ਅਤੇ ਸਨਮਾਨ ਸਮਾਗਮ ਉਲੀਕਿਆ ਗਿਆ ਸੀ। ਤਿੰਨਾਂ ਜਿਲ੍ਹਿਆਂ ਦੇ ਵੱਖ ਵੱਖ ਹਲਕਿਆਂ ਅਤੇ ਹਲਕਾ ਜਲਾਲਾਬਾਦ (ਫਾਜਿਲਕਾ) ਤੇ ਮਮਦੋਟ ਤੋਂ ਇਲਾਵਾ ਹੋਰ ਵੀ ਇਲਾਕਿਆਂ ਦੇ ਲੱਗਭਗ 900 ਦੇ ਕਰੀਬ ਵਿਦਿਆਰਥੀਆਂ ਨੇ ਮੁਕਾਬਲੇ ਵਿੱਚ ਭਾਗ ਲਿਆ। ਇਥੇ ਇਹ ਵੀ ਜਿਕਰਯੋਗ ਹੈ ਕਿ ਜਪੁਜੀ ਸਾਹਿਬ ਕੰਠ ਅਤੇ ਅਰਥ ਬੋਧ ਸਮਾਗਮ ਵਿੱਚ ਹਲਕਾ ਸ਼ਾਹਕੋਟ ਤੋਂ ਪਿੰਡ ਕੰਨੀਆਂ ਕਲਾਂ ਦੇ ਬੱਚੇ ਸ਼ੁਭਕਰਮਨ ਸਿੰਘ ਨੇ ਵੀ ਭਾਗ ਲਿਆ ਜਿਸ ਬੱਚੇ ਦੀ ਜਨਮ ਤੋਂ ਹੀ ਅੱਖਾਂ ਦੀ ਜੋਤ ਨਹੀਂ ਹੈ। ਇਸ ਬੱਚੇ ਨੇ ਅਕਾਲਪੁਰਖ ਦੀ ਬਖਸ਼ਿਸ਼ ਅਤੇ ਸਿੱਖੀ ਪ੍ਰਤੀ ਪਿਆਰ ਸਦਕਾ, ਮਾਪਿਆਂ ਅਤੇ ਉਸਤਾਦਾਂ ਦੇ ਸਹਿਯੋਗ ਨਾਲ ਪੰਜ ਬਾਣੀਆਂ ਕੰਠ ਕਰਨ ਦੇ ਨਾਲ ਨਾਲ ਆਸਾ ਕੀ ਵਾਰ, ਸ਼ਬਦ ਹਜਾਰੇ ਸਮੇਤ ਅਨੇਕਾਂ ਗੁਰਬਾਣੀ ਦੇ ਪਾਵਨ ਸ਼ਬਦ ਕੰਠ ਕੀਤੇ ਹਨ। ਇਹ ਵਿਦਿਆਰਥੀ ਕੀਰਤਨ ਦੀ ਵੀ ਸਿਖਲਾਈ ਪ੍ਰਾਪਤ ਕਰ ਰਿਹਾ ਹੈ ਅਤੇ ਬਹੁਤ ਵਧੀਆ ਮਰਿਆਦਾ ਅਨੁਸਾਰ ਕੀਰਤਨ ਵੀ ਕਰਦਾ ਹੈ। ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵਲੋਂ ਕਰਵਾਏ ਗੁਰਬਾਣੀ ਕੰਠ ਮੁਕਾਬਲੇ ਸਮੇਂ ਇਸ ਬੱਚੇ ਨੇ ਵਿਸ਼ੇਸ਼ ਸਨਮਾਨ ਪ੍ਰਾਪਤ ਕੀਤਾ।

ਹਲਕਾ ਸ਼ਾਹਕੋਟ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਬਲਦੇਵ ਸਿੰਘ ਕਲਿਆਣ ਅਤੇ ਇੰਚਾਰਜ਼ ਮਾਝਾ ਜ਼ੋਨ ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ ਇਸ ਬੱਚੇ ਦਾ ਵਿਸ਼ੇਸ਼ ਸਨਮਾਨ ਕੀਤਾ ਅਤੇ ਜਥੇਦਾਰ ਬਲਦੇਵ ਸਿੰਘ ਕਲਿਆਣ ਵਲੋਂ ਅਪਣੇ ਅਖਤਿਆਰੀ ਕੋਟੇ ਵਿੱਚੋਂ ਪੰਦਰਾਂ ਹਜਾਰ ਰੁਪਏ ਦੇਣ ਦਾ ਐਲਾਨ ਵੀ ਕੀਤਾ। ਇਸ ਮੌਕੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਧਾਰਮਿਕ ਲਿਟਰੇਚਰ ਵੀ ਵੰਡਿਆ ਗਿਆ। ਇਸ ਮੌਕੇ ਪ੍ਰਚਾਰਕ ਭਾਈ ਮਨਪ੍ਰੀਤ ਸਿੰਘ, ਭਾਈ ਹਰਵਿੰਦਰ ਸਿੰਘ, ਭਾਈ ਮੇਜਰ ਸਿੰਘ ਵੀ ਹਾਜ਼ਰ ਸਨ

# 2016 'ਚ ਪਾਵਨ ਸਰੂਪ ਅਗਨ ਭੇਟ ਹੋਣ ਦੇ ਪਸ਼ਚਾਤਾਪ ਵਜੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ



ਅੰਮ੍ਰਿਤਸਰ- ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਪਬਲੀਕੇਸ਼ਨ ਵਿਭਾਗ ਵਿਚ 19 ਮਈ 2016 ਨੂੰ ਸ਼ਾਰਟ ਸਰਕਟ ਨਾਲ ਵਾਪਰੀ ਘਟਨਾ ਕਾਰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ ਭੇਟ ਹੋਣ ਦੇ ਪਸ਼ਚਾਤਾਪ ਵਜੋਂ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਾਏ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ। ਦੱਸਣਯੋਗ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 18 ਸਤੰਬਰ 2020 ਨੂੰ ਸ਼੍ਰੋਮਣੀ ਕਮੇਟੀ ਦੀ ਮੌਜੂਦਾ ਅੰਤ੍ਰਿੰਗ ਕਮੇਟੀ ਵੱਲੋਂ ਸਵੈ-ਇੱਛਤ ਤੌਰ 'ਤੇ ਪੇਸ਼ ਹੋਣ ਸਮੇਂ ਸਿੰਘ ਸਾਹਿਬਾਨ ਵੱਲੋਂ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਦਾ ਆਦੇਸ਼ ਕੀਤਾ ਗਿਆ ਸੀ। ਇਸੇ ਤਹਿਤ ਹੀ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੰਪੂਰਨਤਾ ਕੀਤੀ ਗਈ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਮੇਂ ਮੌਜੂਦਾ ਅੰਤ੍ਰਿੰਗ ਕਮੇਟੀ ਮੈਂਬਰਾਂ ਤੋਂ ਇਲਾਵਾ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ, ਸ. ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਬਲਵਿੰਦਰ ਸਿੰਘ ਕਾਹਲਵਾਂ, ਮੈਨੇਜਰ ਸ. ਮੁਖਤਾਰ ਸਿੰਘ, ਸ. ਹਰਪ੍ਰੀਤ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸ. ਮਲਕੀਤ ਸਿੰਘ ਬਹਿੜਵਾਲ ਵੀ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਧਰਨਕਾਰੀਆਂ ਵੱਲੋਂ ਕੀਤੇ ਹਮਲੇ ਸਬੰਧੀ ਨਿਖੇਧੀ ਮਤਾ ਪਾਸ ਕੀਤਾ

## ਸ਼੍ਰੋਮਣੀ ਕਮੇਟੀ ਦੇ ਸੌ ਸਾਲਾ ਸਥਾਪਨਾ ਦਿਵਸ ਮੌਕੇ ਹੋਣਗੇ ਵਿਸ਼ੇਸ਼ ਸਮਾਗਮ-ਭਾਈ ਲੌਂਗੋਵਾਲ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਇਥੇ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਤੇਜਾ ਸਿੰਘ ਸਮੁੰਦਰੀ ਹਾਲ ਦੇ ਸਾਹਮਣੇ ਧਰਨੇ 'ਤੇ ਬੈਠੇ ਵਿਅਕਤੀਆਂ ਵੱਲੋਂ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ 'ਤੇ ਕੀਤੇ ਗਏ ਜਾਨਲੇਵਾ ਹਮਲੇ ਸਬੰਧੀ ਨਿਖੇਧੀ ਮਤਾ ਪਾਸ ਕੀਤਾ ਗਿਆ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਪੰਥ ਦੀ ਸਿਰਮੌਰ ਧਾਰਮਿਕ ਸੰਸਥਾ ਹੈ, ਜੋ ਵੱਡੀਆਂ ਕੁਰਬਾਨੀਆਂ ਤੋਂ ਬਾਅਦ ਹੋਂਦ ਵਿਚ ਆਈ। ਪੰਥ ਵਿਰੋਧੀ ਸ਼ਕਤੀਆਂ ਦੀ ਸ਼ਹਿ 'ਤੇ ਕੁਝ ਲੋਕ ਇਸ ਮਹਾਨ ਸਿੱਖ ਸੰਸਥਾ ਨੂੰ ਢਾਹ ਲਗਾਉਣ ਦੇ ਯਤਨ ਵਿਚ ਹਨ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ ਦੇ ਅਕਾਲ ਚਲਾਣੇ 'ਤੇ ਸ਼ੋਕ ਮਤਾ ਪੇਸ਼ ਕਰਦਿਆਂ ਮੂਲਮੰਤਰ ਅਤੇ ਗੁਰਮੰਤਰ ਦੇ ਜਾਪ ਕਰਕੇ ਸ਼ਰਧਾਂਜਲੀ ਵੀ ਭੇਟ ਕੀਤੀ ਗਈ। ਭਾਈ ਲੌਂਗੋਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦਾ ਸੌ ਸਾਲਾ ਸਥਾਪਨਾ ਦਿਵਸ ਜੋ ਇਸ ਸਾਲ 15 ਨਵੰਬਰ ਨੂੰ ਆ ਰਿਹਾ ਹੈ, ਸਬੰਧੀ ਵਿਸ਼ੇਸ਼ ਸਮਾਗਮ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਲਈ ਕੌਮ ਨੇ ਲੰਮਾ ਸੰਘਰਸ਼ ਲੜਿਆ, ਜਿਸ ਨੂੰ ਸੰਗਤਾਂ ਤੱਕ ਲਿਜਾਣ ਲਈ ਵਿਸ਼ੇਸ਼ ਦਸਤਾਵੇਜ਼ ਤਿਆਰ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਦੀ ਸਥਾਪਨਾ ਅਤੇ ਇਸ ਦੀ ਦੇਣ ਨੂੰ ਲੈ ਕੇ ਇਕ ਸੰਖੇਪ ਕਿਤਾਬਚਾ ਤਿਆਰ ਕੀਤਾ ਜਾਵੇਗਾ। ਵਿਸ਼ੇਸ਼ ਸੋਵੀਨਰ ਵੀ ਪ੍ਰਕਾਸ਼ਤ ਹੋਵੇਗਾ, ਜਿਸ ਵਿਚ ਕੌਮ ਦੇ ਵੱਡੇ ਵਿਦਵਾਨਾਂ ਪਾਸੋਂ ਮੌਲਿਕ ਲੇਖ ਲਿਖਵਾ ਕੇ ਸ਼ਾਮਲ ਕੀਤੇ ਜਾਣਗੇ। ਭਾਈ ਲੌਂਗੋਵਾਲ ਨੇ ਕਿਹਾ ਕਿ ਵਿਸ਼ੇਸ਼ ਸਮਾਗਮ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਇਤਿਹਾਸ ਨਾਲ ਸਬੰਧਤ ਚਿੱਤਰ ਪ੍ਰਦਰਸ਼ਨੀ ਵੀ ਲਗਾਈ ਜਾਵੇਗੀ। ਇਸ ਸਬੰਧ ਵਿਚ ਇਕ ਚਿੱਤਰਕਲਾ ਵਰਕਸ਼ਾਪ ਦਾ ਵੀ ਪ੍ਰਬੰਧ ਕੀਤਾ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੀ ਸ਼ਤਾਬਦੀ ਸਬੰਧੀ ਇਤਿਹਾਸਕ ਗੁਰਦੁਆਰਿਆਂ ਅਤੇ ਵਿਦਿਅਕ ਅਦਾਰਿਆ ਵਿਚ ਸਮਾਗਮ ਵੀ ਕੀਤੇ ਜਾਣਗੇ। ਇਸ ਤੋਂ ਇਲਾਵਾ ਅਗਲੇ ਸਾਲ ਆ ਰਹੇ ਸਾਕਾ ਨਨਕਾਣਾ ਸਾਹਿਬ ਦੇ ਸੌ ਸਾਲਾ ਨੂੰ ਵੀ ਵਿਸ਼ੇਸ਼ ਤੌਰ 'ਤੇ ਮਨਾਇਆ ਜਾਵੇਗਾ। ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਅਤੇ ਟਰੱਸਟਾਂ ਆਦਿ ਸਬੰਧੀ ਵੱਖ-ਵੱਖ ਮਾਮਲਿਆਂ ਨੂੰ ਵੀ ਵਿਚਾਰਿਆ ਗਿਆ ਅਤੇ ਕੀਤੇ ਜਾਣ ਵਾਲੇ ਕਾਰਜਾਂ ਨੂੰ ਪ੍ਰਵਾਨਗੀ ਦਿੱਤੀ ਗਈ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੋਂ ਇਲਾਵਾ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਗੁਰਪਾਲ ਸਿੰਘ ਗੋਰਾ, ਸ. ਭੁਪਿੰਦਰ ਸਿੰਘ ਅਸੰਧ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਸ਼ੇਰ ਸਿੰਘ ਮੰਡਵਾਲਾ, ਸ. ਜਸਮੇਰ ਸਿੰਘ ਲਾਛੜੂ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਪਰਮਜੀਤ ਕੌਰ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸ਼੍ਰੋਮਣੀ ਕਮੇਟੀ ਭਾਈ ਰਾਮ ਸਿੰਘ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸਰਵਨ ਸਿੰਘ ਕੁਲਾਰ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ ਕੰਗ, ਸ. ਹਰਜਿੰਦਰ ਸਿੰਘ ਕੈਰੋਂਵਾਲ ਅਤੇ ਸ. ਦਰਸ਼ਨ ਸਿੰਘ ਪੀ.ਏ. ਆਦਿ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਦਾ ਸੌ ਸਾਲਾ ਸਥਾਪਨਾ ਦਿਵਸ ਵਿਸ਼ਾਲ ਪੱਧਰ 'ਤੇ ਮਨਾਇਆ ਜਾਵੇਗਾ- ਭਾਈ ਲੌਂਗੋਵਾਲ

## ਸ਼ਤਾਬਦੀ ਦੀਆਂ ਤਿਆਰੀਆਂ ਨੂੰ ਲੈ ਕੇ ਭਾਈ ਲੌਂਗੋਵਾਲ ਦੀ ਅਗਵਾਈ ਵਿਚ ਹੋਈ ਸ਼ਤਾਬਦੀ ਕਮੇਟੀ ਦੀ ਇਕੱਤਰਤਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਸਾਲ ਆ ਰਹੇ ਸੌ ਸਾਲਾ ਸਥਾਪਨਾ ਦਿਵਸ ਸਬੰਧੀ ਸ਼੍ਰੋਮਣੀ ਕਮੇਟੀ ਨੇ ਤਿਆਰੀਆਂ ਆਰੰਭ ਦਿੱਤੀਆਂ ਹਨ। ਇਸ ਸਬੰਧ ਵਿਚ ਵਿਸ਼ੇਸ਼ ਸਮਾਗਮ ਕਰਨ ਦੀ ਰੂਪ ਰੇਖਾ ਤਿਆਰ ਕੀਤੀ ਗਈ ਹੈ। ਇਸ ਤੋਂ ਇਲਾਵਾ ਅਗਲਾ ਪੂਰਾ ਸਾਲ ਇਸ ਸ਼ਤਾਬਦੀ ਨੂੰ ਸਮਰਪਿਤ ਕਰਕੇ ਵੱਖ-ਵੱਖ ਸਮਾਗਮ ਵੀ ਕੀਤੇ ਜਾਣਗੇ। ਇਸ ਸਬੰਧ ਵਿਚ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਸ਼ਤਾਬਦੀ ਕਮੇਟੀ ਦੀ ਹੋਈ ਇਕੱਤਰਤਾ ਵਿਚ ਫੈਸਲਾ ਕੀਤਾ ਗਿਆ ਕਿ 15 ਨਵੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਇਆ ਜਾਵੇਗਾ, ਜਿਸ ਦਾ ਭੋਗ 17 ਨਵੰਬਰ ਨੂੰ ਪਵੇਗਾ। ਇਸ ਮਗਰੋਂ ਮੁੱਖ ਸਮਾਗਮ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹੋਵੇਗਾ।

ਭਾਈ ਲੌਂਗੋਵਾਲ ਨੇ ਦੱਸਿਆ ਕਿ ਸ਼ਤਾਬਦੀ ਸਮਾਗਮ ਪ੍ਰਭਾਵਸ਼ਾਲੀ ਰੂਪ ਵਿਚ ਕੀਤਾ ਜਾਵੇਗਾ। ਸਮਾਗਮ ਦੀ ਮੁੱਢਲੀ ਰੂਪ-ਰੇਖਾ ਤਿਆਰ ਕਰ ਲਈ ਗਈ ਹੈ ਅਤੇ ਪ੍ਰਬੰਧਾਂ ਸਬੰਧੀ ਵੱਖ-ਵੱਖ ਸਬ-ਕਮੇਟੀਆਂ ਬਣਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸਮਾਗਮ ਵਿਚ ਸ਼ਾਮਲ ਹੋਣ ਲਈ ਤਖ਼ਤ ਸਾਹਿਬਾਨ ਦੇ ਜਥੇਦਾਰਾਂ, ਵੱਖ-ਵੱਖ ਸਿੱਖ ਜਥੇਬੰਦੀਆਂ ਦੇ ਨੁਮਾਇੰਦਿਆਂ, ਪੰਥਕ ਆਗੂਆਂ, ਨਿਹੰਗ ਸਿੰਘ ਦਲਾਂ ਦੇ ਮੁਖੀਆਂ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸੱਦਾ ਭੇਜਿਆ ਜਾਵੇਗਾ। ਭਾਈ ਲੌਂਗੋਵਾਲ ਅਨੁਸਾਰ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਦੇ ਇਤਿਹਾਸ, ਪ੍ਰੰਪਰਾਵਾਂ ਅਤੇ ਯੋਗਦਾਨ ਸਬੰਧੀ ਇਕ ਵਿਸ਼ੇਸ਼ ਸੋਵੀਨਰ ਤਿਆਰ ਕੀਤਾ ਜਾਵੇਗਾ, ਜਿਸ ਤੋਂ ਸੰਗਤਾਂ ਸਿੱਖ ਸੰਸਥਾ ਸਬੰਧੀ ਬਹੁਪੱਖੀ ਜਾਣਕਾਰੀ ਹਾਸਲ ਕਰ ਸਕਣਗੀਆਂ। ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਦੇ ਕੁਰਬਾਨੀਆਂ ਭਰੇ ਇਤਿਹਾਸ ਨੂੰ ਰੂਪ-ਮਾਨ ਕਰਦੀ ਚਿੱਤਰ ਪ੍ਰਦਰਸ਼ਨੀ ਦਾ ਵੀ ਪ੍ਰਬੰਧ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਨੌਜੁਆਨੀ ਨੂੰ ਪ੍ਰੇਰਿਤ ਕਰਨ ਲਈ ਸੰਖੇਪ ਵਿਚ ਇਤਿਹਾਸਕ ਡਾਕੂਮੈਂਟਰੀ ਫਿਲਮਾਂ ਤਿਆਰ ਕੀਤੀਆਂ ਜਾਣਗੀਆਂ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਬੇਸ਼ੱਕ ਇਸ ਵਰ੍ਹੇ ਕੋਰੋਨਾ ਮਹਾਮਾਰੀ ਕਾਰਨ ਸ਼ਤਾਬਦੀ ਸਬੰਧੀ ਸਮਾਗਮ ਪਹਿਲਾਂ ਨਹੀਂ ਆਰੰਭ ਕੀਤੇ ਜਾ ਸਕੇ, ਪਰੰਤੂ ਹੁਣ ਸ਼ਤਾਬਦੀ ਦੇ ਮੁੱਖ ਸਮਾਗਮ ਤੋਂ ਮਗਰੋਂ ਅਗਲਾ ਪੂਰਾ ਵਰ੍ਹਾ ਸਮਾਗਮ ਜਾਰੀ ਰਹਿਣਗੇ। ਸ

ਬ-ਕਮੇਟੀ ਦੀ ਇਕੱਤਰਤਾ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੋਂ ਇਲਾਵਾ ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਸੀਨੀਅਰ ਆਗੂ ਸ. ਦਰਬਾਰਾ ਸਿੰਘ ਗੁਰੂ, ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਬੀਬੀ ਕੁਲਦੀਪ ਕੌਰ ਟੌਹੜਾ, ਮੈਂਬਰ

# ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹੇ ਭਾਰਤ ਸਰਕਾਰ-ਭਾਈ ਲੌਂਗੋਵਾਲ

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਭਾਰਤ ਸਰਕਾਰ ਨੂੰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦਾ ਲਾਂਘਾ ਖੋਲ੍ਹਣ ਵਿਚ ਦੇਰੀ ਨਹੀਂ ਕਰਨੀ ਚਾਹੀਦੀ। ਉਨ੍ਹਾਂ ਆਖਿਆ ਕਿ ਪਾਕਿਸਤਾਨ ਨੇ ਕੋਰੋਨਾ ਮਗਰੋਂ ਲਾਂਘਾ ਖੋਲ੍ਹਣ ਦੀ ਪਹਿਲਕਦਮੀਂ ਕੀਤੀ ਹੈ ਅਤੇ ਭਾਰਤ ਸਰਕਾਰ ਨੂੰ ਵੀ ਲਾਂਘਾ ਖੋਲ੍ਹਣ ਦਾ ਐਲਾਨ ਕਰ ਦੇਣਾ ਚਾਹੀਦਾ ਹੈ।

ਭਾਈ ਲੌਂਗੋਵਾਲ ਨੇ ਕਿਹਾ ਕਿ ਹੁਣ ਜਦੋਂ ਸਰਕਾਰਾਂ ਵੱਲੋਂ ਕੋਰੋਨਾ ਕਾਰਨ ਕੀਤੀ ਤਾਲਾਬੰਦੀ ਨੂੰ ਹਟਾ ਦਿੱਤਾ ਗਿਆ ਹੈ ਅਤੇ ਹਰ ਤਰ੍ਹਾਂ ਦੇ ਅਦਾਰਿਆਂ ਤੇ ਧਾਰਮਿਕ ਅਸਥਾਨਾਂ ਤੋਂ ਪਾਬੰਦੀਆਂ ਵੀ ਹਟਾ ਦਿੱਤੀਆਂ ਗਈਆਂ ਹਨ, ਤਾਂ ਅਜਿਹੇ ਵਿਚ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਵਿਚ ਦੇਰੀ ਕਿਉਂ ਕੀਤੀ ਜਾ ਰਹੀ ਹੈ। ਉਨ੍ਹਾਂ ਪੰਜਾਬ ਦੇ ਸਮੂਹ ਮੈਂਬਰ ਪਾਰਲੀਮੈਂਟ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਮਾਮਲੇ ਵਿਚ ਭਾਰਤ ਸਰਕਾਰ ਤੱਕ ਪਹੁੰਚ ਕਰਨ।

# ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਲਗਾਈ ਸੇਵਾ ਕੀਤੀ ਮੁਕੰਮਲ

## -ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਰੰਭ ਕੀਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

## -ਸਮਾਪਤੀ ਮਗਰੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੀਤੀ ਅਰਦਾਸ





ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਏ ਆਦੇਸ਼ ਅਨੁਸਾਰ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਤੋਂ ਸ੍ਰੀ ਦਰਬਾਰ ਸਾਹਿਬ ਤੱਕ ਵਿਰਾਸਤੀ ਮਾਰਗ 'ਤੇ ਤਿੰਨ ਦਿਨ ਝਾੜੂ ਲਗਾ ਕੇ ਆਪਣੀ ਸੇਵਾ ਮੁਕੰਮਲ ਕੀਤੀ। ਸੇਵਾ ਦੀ ਸਮਾਪਤੀ ਮਗਰੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸਮੂਹ ਅਹੁਦੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜੇ, ਜਿਥੇ ਭਾਈ ਲੌਂਗੋਵਾਲ ਨੇ ਅਰਦਾਸ ਕੀਤੀ। ਸੇਵਾ ਕਰਨ ਵਾਲਿਆਂ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਸੁਰਜੀਤ ਸਿੰਘ ਕੰਗ, ਸ. ਸ਼ੇਰ ਸਿੰਘ ਮੰਡਵਾਲਾ, ਸ. ਭੁਪਿੰਦਰ ਸਿੰਘ ਅਸੰਧ, ਬੀਬੀ ਕੁਲਦੀਪ ਕੌਰ ਟੌਹੜਾ, ਸ. ਗੁਰਪਾਲ ਸਿੰਘ ਗੋਰਾ, ਸ. ਅਮਰਜੀਤ ਸਿੰਘ ਭਲਾਈਪੁਰ ਸ਼ਾਮਲ ਸਨ।

ਇਸ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਗੁਰਬਾਣੀ ਕੀਰਤਨ ਹੋਇਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਰੋਡੇ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਗੁਰਮੀਤ ਸਿੰਘ ਬੂਹ ਵੀ ਮੌਜੂਦ ਸਨ।

ਦੱਸਣਯੋਗ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸ਼੍ਰੋਮਣੀ ਕਮੇਟੀ ਦੀ ਮੌਜੂਦਾ ਅੰਤ੍ਰਿੰਗ ਕਮੇਟੀ ਨੂੰ 19 ਮਈ 2016 ਨੂੰ ਪਬਲੀਕੇਸ਼ਨ ਵਿਭਾਗ ਵਿਖੇ ਸ਼ਾਰਟ ਸਰਕਟ ਕਾਰਨ ਵਾਪਰੀ ਘਟਨਾ ਦੇ ਪਸ਼ਚਾਤਾਪ ਵਜੋਂ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਦਾ ਆਦੇਸ਼ ਕੀਤਾ ਸੀ। ਇਸ ਦੇ ਨਾਲ ਹੀ ਤਿੰਨ ਦਿਨ ਸ੍ਰੀ ਦਰਬਾਰ ਸਾਹਿਬ ਨੂੰ ਆਉਂਦੇ ਰਸਤੇ 'ਤੇ ਝਾੜੂ ਦੀ ਸੇਵਾ ਕਰਨ ਦਾ ਵੀ ਹੁਕਮ ਕੀਤਾ ਗਿਆ ਸੀ। ਇਸੇ ਤਹਿਤ ਹੀ ਤਿੰਨ ਦਿਨ ਤੋਂ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਅਹੁਦੇਦਾਰ ਅਤੇ ਅੰਤ੍ਰਿੰਗ ਮੈਂਬਰ ਸਾਹਿਬਾਨ ਵੱਲੋਂ ਸੇਵਾ ਕੀਤੀ ਗਈ। ਇਸੇ ਦੌਰਾਨ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹਰ ਹੁਕਮ ਅਟੱਲ ਹੈ, ਜਿਸ ਨੂੰ ਮੰਨਣਾ ਹਰ ਸਿੱਖ ਦਾ ਫ਼ਰਜ਼ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜੋ ਵੀ ਆਦੇਸ਼ ਹੋਇਆ ਸੀ ਉਸ ਦਾ ਪਾਲਣ ਕੀਤਾ ਗਿਆ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੈਨੇਜਰ ਸ. ਮੁਖਤਾਰ ਸਿੰਘ ਆਦਿ ਹਾਜ਼ਰ ਸਨ।

# ਦੇਸ਼ ਦੇ ਸੱਭਿਆਚਾਰ ਨੂੰ ਬਚਾਉਣ ਵਾਲੇ ਸਿੱਖਾਂ ਦੇ ਧਾਰਮਿਕ ਚਿੰਨ੍ਹਾਂ ਦੀ ਤੌਹੀਨ ਬਰਦਾਸ਼ਤ ਨਹੀਂ-ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪੱਛਮੀ ਬੰਗਾਲ 'ਚ ਪੁਲਿਸ ਵੱਲੋਂ ਇਕ ਸਿੱਖ ਸੁਰੱਖਿਆ ਮੁਲਾਜ਼ਮ ਦੀ ਦਸਤਾਰ ਉਤਾਰਨ ਅਤੇ ਕੇਸਾਂ ਦੀ ਬੇਅਦਬੀ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਦਸਤਾਰ ਸਿੱਖ ਦਾ ਗੌਰਵ ਹੈ ਅਤੇ ਇਸੇ ਦਸਤਾਰ ਨੇ ਹੀ ਦੇਸ਼ ਦੇ ਸੱਭਿਆਚਾਰ ਨੂੰ ਬਚਾਉਣ ਵਿਚ ਵੱਡੀ ਭੂਮਿਕਾ ਨਿਭਾਈ। ਦੇਸ਼ ਦੀ ਅਜ਼ਾਦੀ ਵਿਚ 80 ਫੀਸਦੀ ਤੋਂ ਵੱਧ ਯੋਗਦਾਨ ਸਿੱਖਾਂ ਨੇ ਪਾਇਆ, ਪਰੰਤੂ ਹੈਰਾਨੀ ਵਾਲੀ ਗੱਲ ਹੈ ਕਿ ਸਿੱਖਾਂ ਦੀ ਦਸਤਾਰ ਨੂੰ ਹੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਪੱਛਮੀ ਬੰਗਾਲ ਅੰਦਰ ਸਿੱਖ ਸੁਰੱਖਿਆ ਕਰਮੀ ਦੇ ਕੇਸਾਂ ਅਤੇ ਦਸਤਾਰ ਦੀ ਬੇਅਦਬੀ ਨੇ ਪੂਰੇ ਸਿੱਖ ਜਗਤ ਅੰਦਰ ਰੋਸ ਪੈਦਾ ਕੀਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਕਈ ਥਾਵਾਂ 'ਤੇ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਭਾਰਤ ਸਰਕਾਰ ਨੂੰ ਸਿੱਖਾਂ ਦੀ ਸੁਰੱਖਿਆ ਲਈ ਕਈ ਵਾਰ ਪੱਤਰ ਵੀ ਲਿਖੇ ਜਾ ਚੁੱਕੇ ਹਨ। ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸਾਂ ਅੰਦਰ ਵੀ ਇਸ ਬਾਰੇ ਮਤੇ ਪਾਸ ਕਰਕੇ ਕੇਂਦਰ ਸਰਕਾਰ ਨੂੰ ਭੇਜੇ ਜਾਂਦੇ ਹਨ। ਉਨ੍ਹਾਂ ਆਖਿਆ ਕਿ ਕਿਸੇ ਸਿੱਖ ਦੀ ਦਸਤਾਰ ਦੀ ਤੌਹੀਨ ਪੂਰੇ ਦੇਸ਼ ਦੀ ਤੌਹੀਨ ਹੈ। ਭਾਰਤ ਸਰਕਾਰ ਨੂੰ ਇਹ ਗੱਲ ਸਮਝਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਚਾਹੀਦਾ ਹੈ ਕਿ ਅਜਿਹੇ ਮਾਮਲਿਆਂ ਸਬੰਧੀ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਹਰ ਸੂਬੇ ਅੰਦਰ ਸਿੱਖਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਚਿੰਨ੍ਹਾਂ ਦਾ ਸਤਿਕਾਰ ਲਾਜ਼ਮੀ ਬਣਾਉਣ ਲਈ ਠੋਸ ਕਦਮ ਚੁੱਕਣ। ਭਾਈ ਲੌਂਗੋਵਾਲ ਨੇ ਪੱਛਮੀ ਬੰਗਾਲ ਦੀ ਘਟਨਾ ਦੇ ਦੋਸ਼ੀਆਂ 'ਤੇ ਸਖ਼ਤ ਕਾਰਵਾਈ ਦੀ ਮੰਗ ਵੀ ਕੀਤੀ।

# ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ ਸੰਗਤਾਂ ਹੋਈਆਂ ਨਤਮਸਤਕ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ, ਇਸ਼ਨਾਨ ਕਰ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਚਾਰ ਸਾਂਝੇ ਕਰਦਿਆਂ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਸੰਗਤ ਨੂੰ ਵਧਾਈ ਦਿੱਤੀ ਅਤੇ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਦੀ ਪ੍ਰੇਰਣਾ ਕੀਤੀ। ਉਨ੍ਹਾਂ ਪ੍ਰਕਾਸ਼ ਪੁਰਬ ਸਮਾਗਮਾਂ ਸਮੇਂ ਸੇਵਾ ਨਿਭਾਉਣ ਵਾਲੀਆਂ ਸਭਾ-ਸੁਸਾਇਟੀਆਂ ਅਤੇ ਫੁੱਲਾਂ ਦੀ ਸਜਾਵਟ ਦੀ ਸੇਵਾ ਕਰਨ ਵਾਲੀ ਮੁੰਬਈ ਦੀ ਸੰਗਤ ਦਾ ਧੰਨਵਾਦ ਵੀ ਕੀਤਾ। ਇਸ ਉਪਰੰਤ ਲਗਾਤਾਰ ਸਜਾਏ ਗਏ ਧਾਰਮਿਕ ਦੀਵਾਨਾਂ ਵਿਚ ਕੌਮ ਦੇ ਮਹਾਨ ਰਾਗੀ, ਢਾਡੀ ਤੇ ਕਵੀਸ਼ਰ ਜੱਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਇਤਿਹਾਸ ਨਾਲ ਜੋੜਿਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ, ਕਥਾਵਾਚਕ ਭਾਈ ਪਿੰਦਰਪਾਲ ਸਿੰਘ, ਭਾਈ ਗੁਰਬਖ਼ਸ਼ ਸਿੰਘ ਖਾਲਸਾ, ਸ. ਜਗਸੀਰ ਸਿੰਘ ਮਾਂਗੇਆਣਾ, ਭਾਈ ਮਨਜੀਤ ਸਿੰਘ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਗੁਰਮੀਤ ਸਿੰਘ ਬੂਹ, ਸ. ਭਗਵੰਤ ਸਿੰਘ ਸਿਆਲਕਾ, ਸ. ਬਲਦੇਵ ਸਿੰਘ ਚੂੰਘਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸ. ਪ੍ਰਿਤਪਾਲ ਸਿੰਘ, ਸ. ਅਵਤਾਰ ਸਿੰਘ ਵਣਵਾਲਾ, ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਮੁਖਤਾਰ ਸਿੰਘ ਚੀਮਾ, ਸ. ਮਲਕੀਤ ਸਿੰਘ ਬਹਿੜਵਾਲ, ਸ. ਦਰਸ਼ਨ ਸਿੰਘ ਲੌਂਗੋਵਾਲ, ਸ. ਪਰਮਜੀਤ ਸਿੰਘ ਖਾਲਸਾ ਆਦਿ ਮੌਜੂਦ ਸਨ।

ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਜਲੌ ਵੀ ਸੰਗਤ ਲਈ ਆਕਰਸ਼ਣ ਦਾ ਕੇਂਦਰ ਬਣੇ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਪ੍ਰਗਟਾਈ, ਜਿਨ੍ਹਾਂ ਨੂੰ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕੀਨ ਸਮੇਤ ਆਦਿ ਸ਼ਖ਼ਸੀਅਤਾਂ ਨੇ ਵੀ ਗੁਰੂ ਸਾਹਿਬ ਦੇ ਪਾਵਨ ਦਰਬਾਰ ਵਿਖੇ ਹਾਜ਼ਰੀ ਭਰੀ।

ਅਲੌਕਿਕ ਰਾਗ ਤੇ ਪੜਤਾਲ ਗਾਇਨ ਕੀਰਤਨ ਸਮਾਗਮ- ਇਸ ਤੋਂ ਪਹਿਲਾਂ ਰਾਤ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਅਲੌਕਿਕ ਰਾਗ ਤੇ ਪੜਤਾਲ ਗਾਇਨ ਕੀਰਤਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਦਲ ਬਾਬਾ ਬਿਧੀ ਚੰਦ ਸੰਪਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਗਿਆਨੀ ਮਾਨ ਸਿੰਘ, ਗਿਆਨੀ ਬਲਵਿੰਦਰ ਸਿੰਘ, ਗਿਆਨੀ ਮੋਹਨ ਸਿੰਘ, ਗਿਆਨ ਜਸਵਿੰਦਰ ਸਿੰਘ, ਗਿਆਨੀ ਜੋਗਿੰਦਰ ਸਿੰਘ ਵੇਦਾਂਤੀ ਸਮੇਤ ਵੱਡੀ ਗਿਣਤੀ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।

ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸੰਗਤਾਂ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਇਸ ਮੌਕੇ ਉਨ੍ਹਾਂ ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਸ੍ਰੀ ਅੰਮ੍ਰਿਤਸਰ ਦੀ ਸਥਾਪਨਾ ਦੇ ਇਤਿਹਾਸ ਨੂੰ ਵੀ ਸੰਗਤਾਂ ਨਾਲ ਸਾਂਝਾ ਕੀਤਾ। ਇਸ ਦੌਰਾਨ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪੁੱਜੀਆਂ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ ਸਿਰੋਪਾਓ ਦੇ ਕੇ ਨਿਵਾਜਿਆ। ਕੀਰਤਨ ਦਰਬਾਰ ਦੌਰਾਨ ਭਾਈ ਰਵਿੰਦਰ ਸਿੰਘ, ਭਾਈ ਗੁਰਮੀਤ ਸਿੰਘ ਸ਼ਾਂਤ, ਡਾ. ਗੁਰਨਾਮ ਸਿੰਘ, ਭਾਈ ਮਨਿੰਦਰ ਸਿੰਘ, ਭਾਈ ਕੁਲਦੀਪ ਸਿੰਘ, ਭਾਈ ਰਣਧੀਰ ਸਿੰਘ, ਡਾ. ਗੁਰਿੰਦਰ ਸਿੰਘ ਬਟਾਲਾ, ਭਾਈ ਅਵਤਾਰ ਸਿੰਘ ਹੁਸ਼ਿਆਰਪੁਰ, ਭਾਈ ਦਵਿੰਦਰ ਸਿੰਘ, ਡਾ. ਅਲੰਕਾਰ ਸਿੰਘ, ਭਾਈ ਜਸਪਿੰਦਰ ਸਿੰਘ, ਭਾਈ ਹਰਜੋਤ ਸਿੰਘ ਜ਼ਖ਼ਮੀ ਦੇ ਰਾਗੀ ਜਥਿਆਂ ਸਮੇਤ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਦੇ ਵਿਦਿਆਰਥੀਆਂ ਨੇ ਵੱਖ-ਵੱਖ ਰਾਗਾਂ ਵਿਚ ਕੀਰਤਨ ਕਰਕੇ ਵਿਸਮਾਦੀ ਮਾਹੌਲ ਨਾਲ ਜੋੜਿਆ।

ਪ੍ਰਕਾਸ਼ ਪੁਰਬ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ- ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਸਭਾ-ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਾਰਿਆਂ, ਜੈਕਾਰਿਆਂ ਅਤੇ ਨਰਸਿੰਙਿਆਂ ਦੀ ਗੂੰਜ ਵਿਚ ਨਗਰ ਕੀਰਤਨ ਦੀ ਆਰੰਭਤਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸ ਉਪਰੰਤ ਹੋਈ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕਰਨ ਦੀ ਸੇਵਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨ ਜਗਤਾਰ ਸਿੰਘ ਨੇ ਨਿਭਾਈ। ਸੰਗਤਾਂ ਨੇ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਚੌਥੇ ਪਾਤਸ਼ਾਹ ਜੀ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਕੀਤਾ ਅਤੇ ਨਗਰ ਕੀਰਤਨ ਦੇ ਸਤਿਕਾਰ 'ਚ ਪੁਲਿਸ ਬੈਂਡ ਨੇ ਵੀ ਸ਼ਮੂਲੀਅਤ ਕੀਤੀ। ਨਗਰ ਕੀਰਤਨ ਦੌਰਾਨ ਹਵਾਈ ਜਹਾਜ਼ ਦੁਆਰਾ ਕੀਤੀ ਗਈ ਫੁੱਲਾਂ ਦੀ ਵਰਖਾ ਸੰਗਤਾਂ ਲਈ ਖਿੱਚ ਦਾ ਕੇਂਦਰ ਬਣੀ ਰਹੀ। ਨਗਰ ਕੀਰਤਨ ਦੇ ਸਾਰੇ ਰਸਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਦੌਰਾਨ ਵੱਖ-ਵੱਖ ਸਭਾ-ਸੁਸਾਇਟੀਆਂ ਦੇ ਨੁਮਾਇੰਦਿਆਂ ਅਤੇ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤੇ ਅਤੇ ਪੰਜ ਪਿਆਰੇ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਨਿਵਾਜਿਆ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜ਼ਮਾਂ ਨੇ ਦਸਤਾਰਾਂ ਤੇ ਧੰਨ ਸ੍ਰੀ ਗੁਰੂ ਰਾਮਦਾਸ ਜੀ ਲਿਖੀਆਂ ਪੱਟੀਆਂ ਸਜ਼ਾ ਕੇ ਨਗਰ ਕੀਰਤਨ ਵਿਚ ਹਾਜ਼ਰੀ ਭਰੀ।



ਸਿੱਖੀ ਸਰੂਪ ਮੇਰਾ ਅਸਲੀ ਰੂਪ ਤਹਿਤ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਗਏ ਸਮਾਗਮ ਮੌਕੇ ਪਿੰਡ ਮਤਫੱਲੂ ਵਿਖੇ ਬੱਚਿਆਂ ਲਈ ਗੁਰਮਤਿ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਬੱਚਿਆਂ ਨੂੰ ਗੁਰਬਾਣੀ ਤੇ ਗੁਰਮਤਿ ਸਿਧਾਂਤਾਂ ਦੀ ਜਾਣਕਾਰੀ ਦਿੱਤੀ ਗਈ। ਸਿੱਖ ਇਤਿਹਾਸ ਅਨੁਸਾਰ ਕੇਸਾਂ ਦੀ ਮਹੱਤਤਾ ਤੋਂ ਜਾਣੂੰ ਕਰਵਾਇਆ ਗਿਆ। ਇਸ ਗੁਰਮਤਿ ਕਲਾਸ ਤੋਂ ਸਿੱਖਿਅਤ ਹੋ ਕੇ 10 ਬੱਚਿਆਂ ਨੇ ਕੇਸ ਰੱਖਣ ਦਾ ਪ੍ਰਣ ਕੀਤਾ। ਕੇਸ ਰੱਖਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ ਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

# ਪਾਵਨ ਸਰੂਪਾਂ ਸਬੰਧੀ ਜਾਂਚ ਕਮਿਸ਼ਨ ਦੀ ਮੁਕੰਮਲ ਰਿਪੋਰਟ ਭਾਈ ਲੌਂਗੋਵਾਲ ਨੇ ਕੀਤੀ ਜਨਤਕ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਸਬੰਧੀ ਜਾਂਚ ਕਮਿਸ਼ਨ ਦੀ ਮੁਕੰਮਲ ਰਿਪੋਰਟ ਜਨਤਕ ਕਰ ਦਿੱਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਹ ਜਾਂਚ ਰਿਪੋਰਟ ਜਾਰੀ ਕਰਦਿਆਂ ਆਖਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਏ ਗਏ ਜਾਂਚ ਕਮਿਸ਼ਨ ਦੀ ਇਹ ਮੁਕੰਮਲ ਰਿਪੋਰਟ ਸ਼੍ਰੋਮਣੀ ਕਮੇਟੀ ਦੀ ਵੈੱਬਸਾਈਟ 'ਤੇ ਹਰ ਇਕ ਵਿਅਕਤੀ ਲਈ ਉਪਲੱਬਧ ਹੋਵੇਗੀ। ਉਨ੍ਹਾਂ ਕਿਹਾ ਕਿ ਰਿਪੋਰਟ ਅਨੁਸਾਰ ਜਿਨ੍ਹਾਂ ਮੁਲਾਜ਼ਮਾਂ ਨੂੰ ਦੋਸ਼ੀ ਪਾਇਆ ਗਿਆ ਸੀ, ਉਨ੍ਹਾਂ 'ਤੇ ਕਾਰਵਾਈ ਕੀਤੀ ਜਾ ਚੁੱਕੀ ਹੈ। ਜਾਂਚ ਰਿਪੋਰਟ ਦਾ ਉਹ ਸੰਖੇਪ ਵੇਰਵਾ ਪਹਿਲਾਂ ਹੀ ਜਨਤਕ ਕੀਤਾ ਜਾ ਚੁੱਕਾ ਹੈ ਅਤੇ ਹੁਣ ਸਮੁੱਚੀ ਜਾਂਚ ਰਿਪੋਰਟ ਵੀ ਵੈੱਬਸਾਈਟ 'ਤੇ ਪਾਈ ਗਈ ਹੈ। ਉਨ੍ਹਾਂ ਦੱਸਿਆ ਕਿ ਵਿਸਥਾਰਤ ਜਾਂਚ ਰਿਪੋਰਟ ਕਰੀਬ ਇਕ ਹਜ਼ਾਰ ਪੰਨਿਆਂ ਦੀ ਹੈ, ਜਿਸ ਨੂੰ ਸਕੈਨ ਕਰਕੇ ਵੈੱਬਸਾਈਟ 'ਤੇ ਪਾਇਆ ਗਿਆ ਹੈ। ਭਾਈ ਲੌਂਗੋਵਾਲ ਅਨੁਸਾਰ ਰਿਪੋਰਟ ਦੇ ਪਹਿਲੇ ਭਾਗ ਵਿਚ ਲਗਭਗ 680 ਪੰਨਿਆਂ ਤੱਕ ਵੱਖ-ਵੱਖ ਲੋਕਾਂ ਦੇ ਬਿਆਨ ਅਤੇ ਹੋਰ ਦਸਤਾਵੇਜ਼ ਹਨ, ਜਦਕਿ ਅੰਤਲੇ ਭਾਗ ਵਿਚ ਜਾਂਚ ਕਮਿਸ਼ਨ ਵੱਲੋਂ ਰਿਪੋਰਟ ਦਿੱਤੀ ਗਈ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਪਰਮਜੀਤ ਸਿੰਘ ਸਰੋਆ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਦਰਸ਼ਨ ਸਿੰਘ ਪੀ.ਏ. ਆਦਿ ਮੌਜੂਦ ਸਨ।



ਜ਼ਿਲ੍ਹਾ ਬਰਨਾਲਾ ਦੇ ਪਿੰਡ ਬਦਰਾ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਬੱਚਿਆਂ ਲਈ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਦੀ ਸਮਾਪਤੀ ਵਾਲੇ ਦਿਨ ਭਾਗ ਲੈਣ ਵਾਲੇ ਬੱਚਿਆਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।

# ਜੂਨ 1984 ਦਾ ਫ਼ੌਜੀ ਹਮਲਾ ਸਿੱਖ ਕੌਮ ਕਦੇ ਨਹੀਂ ਭੁੱਲ ਸਕਦੀ -ਭਾਈ ਲੌਂਗੋਵਾਲ

## ਸ਼ਹੀਦ ਭਾਈ ਅਵਤਾਰ ਸਿੰਘ ਪਾਰੋਵਾਲ ਤੇ ਸ਼ਹੀਦ ਭਾਈ ਮਹਿੰਗਾ ਸਿੰਘ ਬੱਬਰ ਦੀਆਂ ਤਸਵੀਰਾਂ ਕੇਂਦਰੀ ਸਿੰਘ ਅਜਾਇਬ ਘਰ 'ਚ ਸੁਸ਼ੋਭਿਤ



ਅੰਮ੍ਰਿਤਸਰ- ਜੂਨ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸ਼ਹੀਦ ਹੋਏ ਭਾਈ ਅਵਤਾਰ ਸਿੰਘ ਪਾਰੋਵਾਲ ਅਤੇ ਭਾਈ ਮਹਿੰਗਾ ਸਿੰਘ ਬੱਬਰ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਸਥਾਪਿਤ ਕੀਤੀਆਂ ਗਈਆਂ। ਗੁਰਬਾਣੀ ਕੀਰਤਨ ਅਤੇ ਅਰਦਾਸ ਉਪਰੰਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਤਸਵੀਰਾਂ ਤੋਂ ਪਰਦਾ ਹਟਾਇਆ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਮੇਂ ਦੀ ਕੇਂਦਰ ਸਰਕਾਰ ਵੱਲੋਂ ਜੂਨ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਕੀਤਾ ਗਿਆ ਫ਼ੌਜੀ ਹਮਲਾ ਸਿੱਖ ਕੌਮ ਕਦੇ ਨਹੀਂ ਭੁੱਲ ਸਕਦੀ। ਇਸੇ ਹਮਲੇ ਦੌਰਾਨ ਹੀ ਭਾਈ ਮਹਿੰਗਾ ਸਿੰਘ ਬੱਬਰ ਅਤੇ ਕੀਰਤਨੀਏ ਭਾਈ ਅਵਤਾਰ ਸਿੰਘ ਪਾਰੋਵਾਲ ਸ਼ਹੀਦ ਹੋਏ ਸਨ। ਭਾਈ ਮਹਿੰਗਾ ਸਿੰਘ ਬੱਬਰ ਜੂਨ 1984 ਦੇ ਹਮਲੇ ਦੌਰਾਨ ਸਭ ਤੋਂ ਪਹਿਲੇ ਸ਼ਹੀਦ ਹੋਏ ਸਨ ਅਤੇ ਉਨ੍ਹਾਂ ਦੇ ਅੰਤਮ ਸੰਸਕਾਰ ਮੌਕੇ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ, ਸੰਤ ਹਰਚੰਦ ਸਿੰਘ ਲੌਂਗੋਵਾਲ ਅਤੇ ਉਹ ਖੁਦ ਵੀ ਸ਼ਾਮਲ ਸਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਘੱਟਗਿਣਤੀ ਸਿੱਖਾਂ ਨਾਲ ਕੇਂਦਰ ਵੱਲੋਂ ਸਦਾ ਧੱਕਾ ਅਤੇ ਵਿਤਕਰਾ ਕੀਤਾ ਜਾਂਦਾ ਰਿਹਾ ਹੈ। ਜੂਨ ਅਤੇ ਨਵੰਬਰ 1984 ਦੇ ਸਿੱਖ ਕਤਲੇਆਮ ਤੋਂ ਬਾਅਦ ਵੀ ਸਿੱਖਾਂ ਨੂੰ ਲਗਾਤਾਰ ਦਬਾਇਆ ਜਾਂਦਾ ਰਿਹਾ।

ਉਨ੍ਹਾਂ ਕਿਹਾ ਕਿ ਅੱਜ ਵੀ ਸਿੱਖਾਂ 'ਤੇ ਵੱਖ-ਵੱਖ ਤਰ੍ਹਾਂ ਦੇ ਹਮਲੇ ਕੀਤੇ ਜਾ ਰਹੇ ਹਨ। ਸਿੱਖ ਪਛਾਣ, ਪੰਜਾਬੀ ਭਾਸ਼ਾ ਅਤੇ ਸਿੱਖਾਂ 'ਤੇ ਨਸਲੀ ਹਮਲਿਆਂ ਦਾ ਸਿਲਸਿਲਾ ਜਾਰੀ ਹੈ। ਉਨ੍ਹਾਂ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਏਕਤਾ ਦੀ ਭਾਵਨਾ ਨਾਲ ਕੌਮੀ ਚੁਣੌਤੀਆਂ ਦਾ ਮੁਕਾਬਲਾ ਕੀਤਾ ਜਾਵੇ, ਤਾਂ ਜੋ ਸਿੱਖ ਵਿਰੋਧੀ ਮਨਸੂਬੇ ਕਾਮਯਾਬ ਨਾ ਹੋਣ।

ਇਸ ਮੌਕੇ ਭਾਈ ਅਵਤਾਰ ਸਿੰਘ ਪਾਰੋਵਾਲ ਤੇ ਭਾਈ ਮਹਿੰਗਾ ਸਿੰਘ ਬੱਬਰ ਦੇ ਪਰਿਵਾਰਕ ਮੈਂਬਰਾਂ ਨੂੰ ਭਾਈ ਲੌਂਗੋਵਾਲ ਨੇ ਗੁਰੂ ਬਖਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ ਚੀਮਾ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਸਾਬਕਾ ਸਕੱਤਰ ਸ. ਦਿਲਜੀਤ ਸਿੰਘ ਬੇਦੀ ਤੇ ਸ. ਜਗਜੀਤ ਸਿੰਘ ਜੱਗੀ, ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਨਿਰਵੈਲ ਸਿੰਘ, ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਨਰਿੰਦਰ ਸਿੰਘ ਮਥਰੇਵਾਲ, ਸ. ਇਕਬਾਲ ਸਿੰਘ ਮੁਖੀ, ਸ. ਬਘੇਲ ਸਿੰਘ, ਸ. ਜਗਤਾਰ ਸਿੰਘ, ਮੀਤ ਮੈਨੇਜਰ ਸ. ਨਿਸ਼ਾਨ ਸਿੰਘ, ਸ. ਇੰਦਰਜੀਤ ਸਿੰਘ ਬਾਗੀ, ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਵਿੱਚੋਂ ਸ. ਸਰਬਜੀਤ ਸਿੰਘ ਪਾਰੋਵਾਲ, ਸ. ਗੁਰਦਿਆਲ ਸਿੰਘ, ਸ. ਗੁਰਦੇਵ ਸਿੰਘ, ਸ. ਮਨਯੋਧ ਸਿੰਘ, ਬੀਬੀ ਜਤਿੰਦਰ ਕੌਰ, ਬੀਬੀ ਜਸਪ੍ਰੀਤ ਕੌਰ, ਬੀਬੀ ਜਗਮੀਤ ਕੌਰ, ਭਾਈ ਦਵਿੰਦਰਪਾਲ ਸਿੰਘ, ਭਾਈ ਹਾਕਮ ਸਿੰਘ, ਬੀਬੀ ਹਰਵਿੰਦਰ ਕੌਰ, ਡਾ. ਮਨਜੀਤ ਸਿੰਘ ਵੀ ਮੌਜੂਦ ਸਨ।



ਧਰਮ ਪ੍ਰਚਾਰ ਕਮੇਟੀ ਵੱਲੋਂ ਪਿੰਡ ਹਰਦੋਝੰਡੇ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 39 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।

## ਹਲਕਾ ਜੋਗਾ ਜਿਲ੍ਹਾ ਮਾਨਸਾ ਦੇ ਪਿੰਡ ਨੰਗਲ ਕਲਾਂ ਵਿਖੇ ਗੁਰਮਤਿ ਸਿਖਿਲਾਈ ਕੈਂਪ ਲਗਾਇਆ



ਮਾਨਸਾ- ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਨੰਗਲ ਕਲਾਂ ਹਲਕਾ ਜੋਗਾ ਜਿਲ੍ਹਾ ਮਾਨਸਾ ਵਿਖੇ ਗੁਰਮਤਿ ਸਿਖਿਲਾਈ ਕੈਂਪ ਲਗਾਇਆ ਗਿਆ। ਸ. ਗੁਰਪ੍ਰੀਤ ਸਿੰਘ ਝੱਬਰ ਮੈਂਬਰ ਸ਼੍ਰੋਮਣੀ ਕਮੇਟੀ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਏ ਗਏ ਇਸ ਗੁਰਮਤਿ ਕੈਂਪ ਅੰਦਰ 130 ਦੇ ਕਰੀਬ ਬੱਚਿਆਂ ਨੇ ਭਾਗ ਲਿਆ।

ਗੁਰਮਤਿ ਕੈਂਪ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਮੀਤ ਸਿੰਘ ਮਲਕੋਂ ਅਤੇ ਭਾਈ ਹਰਵਿੰਦਰ ਸਿੰਘ ਦੇ ਢਾਡੀ ਜਥੇ ਨੇ ਬੱਚਿਆਂ ਨੂੰ ਗੁਰਬਾਣੀ ਅਤੇ ਗੁਰ ਇਤਿਹਾਸ ਬਾਰੇ ਜਾਣਕਾਰੀ ਦਿੱਤੀ।

ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਗੁਰਮਤਿ ਕੈਂਪ ਦੀ ਸਫਲਤਾ ਲਈ ਵਿਸ਼ੇਸ਼ ਸਹਿਯੋਗ ਵਾਸਤੇ ਸ. ਭੋਲਾ ਸਿੰਘ ਹੀਰੇਵਾਲਾ ਇੰਚਾਰਜ ਸਬ ਆਫਿਸ ਧਰਮ ਪ੍ਰਚਾਰ ਕਮੇਟੀ ਤਲਵੰਡੀ ਸਾਬੋ ਦਾ ਨੰਗਲ ਕਲਾਂ ਦੀ ਸੰਗਤ ਵੱਲੋਂ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ ਗਿਆ।

## ਭਾਈ ਲੌਂਗੋਵਾਲ ਦੀ ਪ੍ਰਧਾਨਗੀ 'ਚ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ

### ਸ਼੍ਰੋਮਣੀ ਕਮੇਟੀ ਨਾਨਕਾਣਾ ਸਾਹਿਬ ਦਾ 100 ਸਾਲਾ ਸ਼ਹੀਦੀ ਸਾਕਾ ਅਗਲੇ ਸਾਲ ਵਿਸ਼ਾਲ ਪੱਧਰ 'ਤੇ ਮਨਾਏਗੀ : ਭਾਈ ਲੌਂਗੋਵਾਲ



ਚੰਡੀਗੜ੍ਹ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਸਬ ਆਫਿਸ ਚੰਡੀਗੜ੍ਹ ਵਿਖੇ ਹੋਈ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਪਬਲੀਕੇਸ਼ਨ ਵਿਭਾਗ ਦੇ ਕੁਝ ਕਰਮਚਾਰੀਆਂ-ਅਧਿਕਾਰੀਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਸੰਗਤ ਨੂੰ ਦੇ ਕੇ ਪ੍ਰਾਪਤ ਕੀਤੀ ਭੇਟਾ ਗਬਨ ਕਰਨ ਦਾ ਸਖਤ ਸ਼ਬਦਾਂ 'ਚ ਨਿਖੇਧੀ ਮਤਾ ਪਾਸ ਕੀਤਾ ਗਿਆ ਅਤੇ ਕਿਹਾ ਗਿਆ ਮੰਦਭਾਗੀ ਘਟਨਾ ਨਾਲ ਸਿੱਖ ਜਗਤ ਅੰਦਰ ਭਾਰੀ ਰੋਸ ਹੈ, ਜਿਸ ਦੇ ਚੱਲਦਿਆਂ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਭਾਈ ਈਸ਼ਰ ਸਿੰਘ ਵੱਲੋਂ ਜਾਂਚ ਕਮਿਸ਼ਨ ਦੀ ਰਿਪੋਰਟ ਦੇ ਆਧਾਰ 'ਤੇ ਦੋਸ਼ੀ ਕਰਮਚਾਰੀਆਂ-ਅਧਿਕਾਰੀਆਂ ਨੂੰ ਪੰਥਕ ਰਵਾਇਤਾਂ ਅਨੁਸਾਰ ਮਿਸਾਲੀ ਸਜ਼ਾਵਾਂ ਦੇਣ ਦੀ ਪੁਰਜ਼ੋਰ ਅਪੀਲ ਕਰਦੀ ਹੈ ਤਾਂ ਜੋ ਸੰਗਤ ਅੰਦਰ ਪਾਇਆ ਜਾ ਰਿਹਾ ਰੋਸ ਸ਼ਾਂਤ ਹੋ ਸਕੇ। ਧਰਮ ਪ੍ਰਚਾਰ ਕਮੇਟੀ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੂੰ ਅਪੀਲ ਕਰਦਿਆਂ ਕਿਹਾ ਕਿ ਰੂਹਾਨੀਅਤ ਦਾ ਕੇਂਦਰ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੁਨੀਆ ਭਰ 'ਚ ਆਸਥਾ ਦਾ ਵੱਡਾ ਕੇਂਦਰ ਹੈ, ਜਿਥੇ ਹਮੇਸ਼ਾ ਚੜ੍ਹਦੀਕਲਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਹੁੰਦੀ ਹੈ ਇਸ ਕਰਕੇ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਧਰਨੇ ਜਾਂ ਮੁਜ਼ਾਹਰੇ ਵਾਲੀ ਜਗਾ ਨਹੀਂ ਹੈ। ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦਿਆਂ ਇਸ ਲਈ ਅਪੀਲ ਕੀਤੀ ਜਾਂਦੀ ਹੈ ਕਿ ਧਰਨੇ ਜਾਂ ਮੁਜ਼ਾਹਰੇ ਨਾ ਕੀਤੇ ਜਾਣ ਸਬੰਧੀ ਵੀ ਆਦੇਸ਼ ਜਾਰੀ ਕੀਤੇ ਜਾਣ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਤਿੰਨ ਵੱਡੀਆਂ ਸ਼ਤਾਬਦੀਆਂ ਮਨਾਉਣ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਨਨਕਾਣਾ ਸਾਹਿਬ ਦਾ 100 ਸਾਲਾ ਸ਼ਹੀਦੀ ਸਾਕਾ ਸ਼ਤਾਬਦੀ 21 ਫਰਵਰੀ 2021 ਨੂੰ ਵਿਸ਼ਾਲ ਪੱਧਰ 'ਤੇ ਮਨਾਈ ਜਾਵੇਗੀ। ਉਨ੍ਹਾਂ ਕਿਹਾ ਕਿ 100 ਸਾਲਾ ਸ਼ਹੀਦੀ ਸਾਕੇ ਸਬੰਧੀ ਸਿੱਖ ਬੁੱਧੀਜੀਵੀਆਂ, ਵਿਦਵਾਨਾਂ ਦੇ ਸਹਿਯੋਗ ਨਾਲ ਇਤਿਹਾਸਕ ਦਸਤਾਵੇਜ਼ ਵੀ ਤਿਆਰ ਕੀਤੇ ਜਾਣ ਸਬੰਧੀ ਰੂਪ ਰੇਖਾ ਤਿਆਰ ਕੀਤੀ ਜਾ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਅਜੈਬ ਸਿੰਘ ਅਭਿਆਸੀ, ਅਵਤਾਰ ਸਿੰਘ ਵਣਵਾਲਾ, ਤੇਜਿੰਦਰਪਾਲ ਸਿੰਘ, ਪ੍ਰਿਤਪਾਲ ਸਿੰਘ ਲੁਧਿਆਣਾ ਤੋਂ ਇਲਾਵਾ ਨਿੱਜੀ ਸਕੱਤਰ ਮਹਿੰਦਰ ਸਿੰਘ ਆਹਲੀ, ਐਡੀਸ਼ਨਲ ਸਕੱਤਰ ਸੁਖਮਿੰਦਰ ਸਿੰਘ, ਮੀਤ ਸਕੱਤਰ ਸਿਮਰਜੀਤ ਸਿੰਘ, ਮੀਤ ਸਕੱਤਰ ਲਖਵੀਰ ਸਿੰਘ, ਨਿੱਜੀ ਸਹਾਇਕ ਦਰਸ਼ਨ ਸਿੰਘ ਆਦਿ ਵੀ ਹਾਜ਼ਰ ਸਨ।

## ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਪਿੱਪਲੀ ਸਾਹਿਬ ਵਿਖੇ ਲੰਗਰ ਹਾਲ ਦਾ ਕੀਤਾ ਉਦਘਾਟਨ

### ਗੁਰੂ ਘਰਾਂ 'ਚ ਸੰਗਤ ਦੀ ਸਹੂਲਤ ਲਈ ਲੋੜੀਂਦੇ ਕਾਰਜ ਕਰਨ ਲਈ ਸ਼੍ਰੋਮਣੀ ਕਮੇਟੀ ਵਚਨਬੱਧ-ਭਾਈ ਲੌਂਗੋਵਾਲ



ਅੰਮ੍ਰਿਤਸਰ- ਇਤਿਹਾਸਕ ਗੁਰਦੁਆਰਾ ਸ੍ਰੀ ਪਿੱਪਲੀ ਸਾਹਿਬ ਪੁਤਲੀਘਰ ਵਿਖੇ ਤਿਆਰ ਕੀਤੇ ਗਏ ਲੰਗਰ ਹਾਲ ਦਾ ਉਦਘਾਟਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੀਤਾ। ਲੰਗਰ ਹਾਲ ਤਿਆਰ ਕਰਨ ਦੀ ਸੇਵਾ ਬਾਬਾ ਬਚਨ ਸਿੰਘ ਕਾਰਸੇਵਾ ਦਿੱਲੀ ਵਾਲਿਆਂ ਵੱਲੋਂ ਕੀਤੀ ਗਈ ਹੈ। ਉਦਘਾਟਨ ਸਮੇਂ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਗੁਰਦੁਆਰਾ ਸਾਹਿਬਾਨ ਅੰਦਰ ਸੰਗਤ ਦੀ ਸਹੂਲਤ ਲਈ ਲੋੜੀਂਦੇ ਕਾਰਜ ਕਰਨ ਲਈ ਸ਼੍ਰੋਮਣੀ ਕਮੇਟੀ ਵਚਨਬੱਧ ਹੈ। ਇਸੇ ਤਹਿਤ ਹੀ ਗੁਰਦੁਆਰਾ ਪਿੱਪਲੀ ਸਾਹਿਬ ਵਿਖੇ ਲੰਗਰ ਹਾਲ ਤਿਆਰ ਕੀਤਾ ਗਿਆ ਹੈ।

ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦਾ ਪ੍ਰਬੰਧ ਗੈਰ ਸਿੱਖ ਸੰਗਠਨ ਨੂੰ ਸੌਂਪਣ ਕਰਕੇ ਸਿੱਖਾਂ ਅੰਦਰ ਪੈਦਾ ਹੋਏ ਭਾਰੀ ਰੋਸ ਨੂੰ ਜਾਇਜ਼ ਠਹਿਰਾਇਆ। ਭਾਈ ਲੌਂਗੋਵਾਲ ਨੇ ਆਖਿਆ ਕਿ ਪਾਕਿਸਤਾਨ ਸਰਕਾਰ ਨੂੰ ਆਪਣਾ ਫੈਸਲਾ ਤੁਰੰਤ ਬਦਲ ਲੈਣਾ ਚਾਹੀਦਾ ਹੈ, ਤਾਂ ਜੋ ਸੰਸਾਰ ਭਰ ਦੀਆਂ ਸਿੱਖ ਸੰਗਤਾਂ ਅੰਦਰ ਪੈਦਾ ਹੋਇਆ ਰੋਸ ਖ਼ਤਮ ਹੋ ਸਕੇ।

ਇਸ ਮੌਕੇ ਭਾਈ ਲੌਂਗੋਵਾਲ ਨੇ ਕਾਰਸੇਵਾ ਦਿੱਲੀ ਵਾਲਿਆਂ ਦੇ ਨੁਮਾਇੰਦੇ ਬਾਬਾ ਕਮਲਜੀਤ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਤੋਂ ਪਹਿਲਾਂ ਜਪੁਜੀ ਸਾਹਿਬ ਅਤੇ ਅਨੰਦ ਸਾਹਿਬ ਦਾ ਪਾਠ ਕਰਕੇ ਅਰਦਾਸ ਕੀਤੀ ਗਈ। ਉਦਘਾਟਨੀ ਸਮਾਰੋਹ ਮੌਕੇ ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵਡ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਬੀਬੀ ਕਿਰਨਜੋਤ ਕੌਰ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਮੈਨੇਜਰ ਸ. ਮੁਖਤਾਰ ਸਿੰਘ, ਸ. ਸੁਖਰਾਜ ਸਿੰਘ, ਸ. ਨਰਿੰਦਰ ਸਿੰਘ ਮਥਰੇਵਾਲ, ਸ. ਰਾਜਿੰਦਰ ਸਿੰਘ ਰੂਬੀ, ਸ. ਜਗਤਾਰ ਸਿੰਘ, ਸ. ਜਸਬੀਰ ਸਿੰਘ ਸੁਪਰਵਾਈਜ਼ਰ, ਸ. ਸੁਖਜਿੰਦਰ ਸਿੰਘ ਐਸ.ਡੀ.ਓ., ਸ. ਦਿਲਰਾਜ ਸਿੰਘ ਗਿੱਲ ਆਦਿ ਮੌਜੂਦ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਦਾ 350ਵਾਂ ਜਨਮ ਦਿਹਾੜਾ ਮਨਾਇਆ

ਫਤਹਿਗੜ੍ਹ ਸਾਹਿਬ- ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਵਲੋਂ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ 350ਵੇਂ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਵੈਬੀਨਾਰ “ਬਾਬਾ ਬੰਦਾ ਸਿੰਘ ਬਹਾਦਰ: ਸਖਸ਼ੀਅਤ ਤੇ ਯੋਗਦਾਨ” ਕਰਵਾਇਆ ਗਿਆ। ਪ੍ਰੋਗਰਾਮ ਦਾ ਸੰਚਾਲਨ ਵਿਭਾਗ ਦੇ ਮੁਖੀ ਡਾ. ਕਿਰਨਦੀਪ ਕੋਰ ਅਤੇ ਸਹਾਇਕ ਪ੍ਰੋਫੈਸਰ ਮਨਿੰਦਰ ਸਿੰਘ ਦੁਆਰਾ ਕੀਤਾ ਗਿਆ। ਡੀਨ ਅਕਾਦਮਿਕ ਮਾਮਲੇ ਡਾ. ਸੁਖਵਿੰਦਰ ਸਿੰਘ ਬਿਲਿੰਗ ਨੇ ਸ਼ਾਮਿਲ ਹੋਏ ਪਤਵੰਤਿਆਂ, ਵਿਸ਼ੇਸ਼ ਵਕਤਾਵਾਂ, ਵਿਦਿਆਰਥੀਆਂ ਅਤੇ ਸਕਾਲਰਾਂ ਨੂੰ ਜੀ ਆਇਆ ਕਿਹਾ। ਇਸ ਮੌਕੇ ਸਰੋਤਿਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਕਿਹਾ ਕਿ ਪਹਿਲੇ ਸਿੱਖ ਰਾਜ ਦੀ ਸਥਾਪਤੀ ਤੋਂ ਬਾਅਦ ਬਾਬਾ ਜੀ ਨੇ ਗੁਰੂ ਨਾਨਕ ਦੇਵ ਜੀ ਅਤੇ ਗੁਰੂ ਗੋਬਿੰਦ ਸਿੰਘ ਜੀ ਦੇ ਨਾਂ ਸਿੱਕੇ ਜਾਰੀ ਕੀਤੇ। ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਪਰਿਤ ਪਾਲ ਸਿੰਘ ਨੇ ਇਸ ਵੈਬੀਨਾਰ ਦੀ ਪ੍ਰਧਾਨਗੀ ਕਰਦੇ ਹੋਏ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਪੰਜਾਬ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਬਦਲਾ ਲੈਣ ਲਈ ਨਹੀਂ ਸਗੋਂ ਮਜ਼ਲੂਮਾ ਦੀ ਰੱਖਿਆ ਲਈ ਭੇਜਿਆ ਸੀ। ਉਨ੍ਹਾਂ ਅੱਗੇ ਕਿਹਾ ਕਿ ਬਾਬਾ ਜੀ ਨੇ ਸਦੀਆਂ ਤੋਂ ਗੁਲਾਮੀ ਦਾ ਸੰਤਾਪ ਹੰਢਾ ਰਹੀ ਲੋਕਾਈ ਨੂੰ ਆਜ਼ਾਦੀ ਦਿਵਾਈ।

ਉਦਘਾਟਨੀ ਭਾਸ਼ਣ ਵਿਚ ਬਾਬਾ ਜਤਿੰਦਰਪਾਲ ਸਿੰਘ ਸੋਢੀ, ਡੇਰਾ ਬਾਬਾ ਬੰਦਾ ਸਿੰਘ ਬਹਾਦਰ, ਰਿਆਸੀ ਨੇ ਦੱਸਿਆ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਜਗੀਰਦਾਰੀ ਪ੍ਰਥਾ ਖਤਮ ਕਰ ਕਿਸਾਨਾਂ ਨੂੰ ਜ਼ਮੀਨਾਂ ਦੇ ਮਾਲਕ ਬਣਾਇਆ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਪੰਜਾਬ ਦੇ ਲੋਕਾਂ ਨੂੰ ਗੁਰਬਾਣੀ ਅਨੁਸਾਰ ਜੀਵਨ-ਜਾਚ ਸਿਖਾਈ। ਵਿਸ਼ੇਸ਼ ਵਕਤਾਵਾਂ ਵਿਚੋਂ ਡਾ. ਸੁਰਜੀਤ ਸਿੰਘ ਨਾਰੰਗ, ਪ੍ਰੋਫੈਸਰ (ਰਿਟਾ.), ਰਾਜਨੀਤੀ ਵਿਗਿਆਨ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਪੰਜਾਬ ਦੇ ਲੋਕਾਂ ਨੂੰ ਉਨ੍ਹਾਂ ਦੀ ਖੋਹੀ ਹੋਈ ਪਛਾਣ, ਇੱਜ਼ਤ ਅਤੇ ਆਜ਼ਾਦੀ ਵਾਪਸ ਦਿੱਤੀ। ਡਾ. ਪਰਮਵੀਰ ਸਿੰਘ, ਪ੍ਰੋਫੈਸਰ ਤੇ ਮੁਖੀ, ਸਿੱਖ ਵਿਸ਼ਵਕੋਸ਼ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਜੀ ਦੀ ਇਕ ਦ੍ਰਿਸ਼ਟੀ ਨੇ ਮਾਧੋ ਦਾਸ ਬੈਰਾਗੀ ਨੂੰ 'ਗੁਰੂ ਦਾ ਬੰਦਾ' ਭਾਵ 'ਗੁਰੂ ਕਾ ਸਿੱਖ' ਬਣਾ ਦਿੱਤਾ। ਉਸ ਸਮੇਂ ਲੋਕਾਂ ਨੂੰ ਭਰਮ ਸੀ ਕਿ ਮੁਗਲ ਅਜਿੱਤ ਹਨ ਪਰ ਬਾਬਾ ਬੰਦਾ ਸਿੰਘ ਬਹਾਦਰ ਨੇ ਇਹ ਭਰਮ ਤੋੜਿਆ। ਡਾ. ਕਿਰਨਦੀਪ ਕੌਰ ਨੇ ਵੈਬੀਨਾਰ ਦੇ ਅੰਤ ਵਿੱਚ ਧੰਨਵਾਦ ਕੀਤਾ ਕੀਤਾ ਅਤੇ ਪ੍ਰੋਗਰਾਮ ਦੀ ਟੈਕਨੀਕਲ ਕੋਆਰਡੀਨੇਸ਼ਨ ਲਈ ਡਾ. ਸ਼ਰੂਤੀ ਅਗਰਵਾਲ ਪ੍ਰਤੀ ਆਭਾਰ ਪ੍ਰਗਟ ਕੀਤਾ।

## ਪਿੰਡ ਕਮਾਲਪੁਰ ਮੋਠਾਂਵਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ




ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਪਿੰਡ ਕਮਾਲਪੁਰ ਮੋਠਾਂਵਾਲ ਵਿਖੇ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਦੇਖ-ਰੇਖ ਹੇਠ ਸੰਗਤਾਂ ਦੇ ਸਹਿਯੋਗ ਨਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਲਈ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਗੁਰਪ੍ਰੀਤ ਕੌਰ ਤੇ ਭਾਈ ਹਰਜੀਤ ਸਿੰਘ ਇੰਚਾਰਜ ਮਾਝਾ ਜ਼ੋਨ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਯੋਗਦਾਨ ਪਾਇਆ।

ਸਮਾਗਮ ਦੌਰਾਨ ਭਾਈ ਹਰਜੀਤ ਸਿੰਘ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਸਬੰਧੀ ਇਤਿਹਾਸ ਸਰਵਣ ਕਰਵਾਇਆ। ਭਾਈ ਮੇਜਰ ਸਿੰਘ ਪ੍ਰਚਾਰਕ ਵੱਲੋਂ ਗੁਰਬਾਣੀ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।

ਇਸ ਮੌਕੇ ਵਿਸ਼ੇਸ਼ ਤੌਰ ’ਤੇ ਪਹੁੰਚੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਗੁਰਪ੍ਰੀਤ ਕੌਰ ਨੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਨਾਏ ਜਾ ਰਹੇ 551 ਵੇਂ ਪ੍ਰਕਾਸ਼ ਗੁਰਪੁਰਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸ਼ਤਾਬਦੀ ਸਮਾਗਮਾਂ ਸਬੰਧੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਸੰਗਤਾਂ ਨੂੰ ਇਨ੍ਹਾਂ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਦੀ ਬੇਨਤੀ ਵੀ ਕੀਤੀ। ਉਨ੍ਹਾਂ ਨੇ ਬੱਚਿਆਂ ਨੂੰ ਸਿੱਖੀ ਨਾਲ ਜੁੜਨ ਅਤੇ ਸਿੱਖ ਇਤਿਹਾਸ ਪੜ੍ਹਨ ਲਈ ਪ੍ਰੇਰਨਾ ਕੀਤੀ।

ਇਸ ਸਮੇਂ ਧਰਮ ਪ੍ਰਚਾਰ ਕਮੇਟੀ ਵੱਲੋਂ ਮੁਫਤ ਲਿਟਰੇਚਰ ਵੰਡਿਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੀਬੀ ਗੁਰਪ੍ਰੀਤ ਕੌਰ, ਭਾਈ ਹਰਜੀਤ ਸਿੰਘ, ਭਾਈ ਮੇਜਰ ਸਿੰਘ ਤੇ ਬੀਬੀ ਬਲਜੀਤ ਕੌਰ ਮੋਠਾਂਵਾਲ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਭਾਈ ਅਜੀਤ ਸਿੰਘ ਗ੍ਰੰਥੀ, ਭਾਈ ਸੁਖਵਿੰਦਰ ਸਿੰਘ ਪ੍ਰਧਾਨ, ਭਾਈ ਭੁਪਿੰਦਰ ਸਿੰਘ ਮਾਸਟਰ, ਭਾਈ ਜਗੀਰ ਸਿੰਘ, ਭਾਈ ਨਰੰਜਨ ਸਿੰਘ, ਬੀਬੀ ਗੁਰਜੀਤ ਕੌਰ, ਭਾਈ ਕੁਲਵੰਤ ਸਿੰਘ ਤੇ ਸੰਗਤਾਂ ਹਾਜ਼ਰ ਸਨ।

## ਗੁਰਦੁਆਰਾ ਸ਼ਹੀਦ ਭਾਈ ਤਾਰੂ ਸਿੰਘ ਜੀ ਪੂਹਲਾ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਪੂਹਲਾ- ਸ਼ਹੀਦ ਭਾਈ ਤਾਰੂ ਸਿੰਘ ਸਾਹਿਬ ਜੀ ਦੇ 300 ਸਾਲਾ ਜਨਮ ਸ਼ਤਾਬਦੀ ਦੇ ਸਬੰਧ ਵਿੱਚ ਧਰਮ ਪ੍ਰਚਾਰ ਲਹਿਰ ਦੇ ਤਹਿਤ ਗੁਰਦੁਆਰਾ ਸ਼ਹੀਦ ਭਾਈ ਤਾਰੂ ਸਿੰਘ ਜੀ ਪੂਹਲਾ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੁੱਜੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਸੰਚਾਰ ਦੀ ਸੇਵਾ ਨਿਭਾਈ। ਅੰਮ੍ਰਿਤ ਸੰਚਾਰ ਸਮੇਂ 37 ਪ੍ਰਾਣੀ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਅਜਾਇਬ ਸਿੰਘ ਅਭਿਆਸੀ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਸਿੱਖ ਰਹਿਤ ਵਿਚ ਪ੍ਰਪੱਕ ਰਹਿਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਮੈਨੇਜਰ ਸ. ਜਗੀਰ ਸਿੰਘ ਪੂਹਲਾ, ਭਾਈ ਜਗਦੇਵ ਸਿੰਘ, ਗਿਆਨੀ ਜਸਵਿੰਦਰ ਸਿੰਘ ਸ਼ਹੂਰ, ਭਾਈ ਗੁਰਬਚਨ ਸਿੰਘ ਕਲਸੀਆ, ਭਾਈ ਗੁਰਲਾਲ ਸਿੰਘ ਉਦੋਕੇ, ਭਾਈ ਗੁਰਸ਼ਰਨ ਸਿੰਘ ਆਦਿ ਹਾਜ਼ਰ ਸਨ।

### ਬੰਦੀ ਛੋੜ ਦਿਵਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਕੌਮ ਦੇ ਨਾਮ ਸੰਦੇਸ਼

# ਕਿਸਾਨ ਅੰਦੋਲਨ ਦੇ ਹੱਕ ਵਿਚ ਢਾਲ ਬਣ ਕੇ ਅੱਗੇ ਆਏ ਖ਼ਾਲਸਾ ਪੰਥ- ਜਥੇਦਾਰ ਗਿਆਨੀ ਹਰਪ੍ਰੀਤ ਸਿੰਘ



ਅੰਮ੍ਰਿਤਸਰ- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਬੰਦੀ ਛੋੜ ਦਿਵਸ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਜਿਥੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਗੁਰੂ ਘਰ ਵਿਖੇ ਨਤਮਸਤਕ ਹੋ ਕੇ ਸ਼ਰਧਾ ਪ੍ਰਗਟਾਈ, ਉਥੇ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਿੱਖ ਕੌਮ ਦੇ ਨਾਂ ਸੰਦੇਸ਼ ਦਿੱਤਾ। ਇਸ ਤੋਂ ਇਲਾਵਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਸ਼੍ਰੋਮਣੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਨੇ ਵੀ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਬੰਦੀ ਛੋੜ ਦਿਵਸ ਦੀ ਮੁਬਾਰਕਬਾਦ ਦਿੱਤੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਦਰਸ਼ਨੀ ਡਿਉੜੀ ਤੋਂ ਸਿੱਖ ਕੌਮ ਨਾਂ ਦਿੱਤੇ ਆਪਣੇ ਸੰਦੇਸ਼ ਵਿਚ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਿੱਖ ਇਤਿਹਾਸ ਅਨੁਸਾਰ ਗੁਰਮਤਿ ਦੀ ਸ਼ਾਨਾਮੱਤੀ ਪ੍ਰੰਪਰਾ ਬਾਰੇ ਭਾਵਪੂਰਤ ਵਿਚਾਰ ਸਾਂਝੇ ਕਰਦਿਆਂ ਇਤਿਹਾਸ ਦਾ ਅਧਿਐਨ ਬਿਬੇਕ ਬੁੱਧ ਨਾਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਮਨੁੱਖੀ ਅਧਿਕਾਰਾਂ ਦੀ ਰਖਵਾਲੀ ਲਈ ਹਰ ਪੱਧਰ 'ਤੇ ਅਵਾਜ਼ ਉਠਾਈ ਅਤੇ ਲੋੜ ਪੈਣ 'ਤੇ ਆਪਣੀ ਸ਼ਹਾਦਤਾਂ ਵੀ ਦਿੱਤੀਆਂ। ਛੇਵੇਂ ਪਾਤਸ਼ਾਹ ਨੇ ਮੀਰੀ-ਪੀਰੀ ਦੀ ਪ੍ਰੰਪਰਾ ਅਨੁਸਾਰ ਭਗਤੀ ਦੇ ਨਾਲ-ਨਾਲ ਸ਼ਕਤੀ ਨੂੰ ਵੀ ਵਿਸ਼ੇਸ਼ ਅਹਿਮੀਅਤ ਦਿੱਤੀ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਮੌਜੂਦਾ ਸਮੇਂ ਕੌਮ ਨੂੰ ਦਰਪੇਸ਼ ਚੁਣੌਤੀਆਂ ਦਾ ਗੁਰਮਤਿ ਦੀ ਰੌਸ਼ਨੀ ਵਿਚ ਮੁਕਾਬਲਾ ਕਰਨ ਲਈ ਕਿਹਾ। ਉਨ੍ਹਾਂ ਆਖਿਆ ਕਿ ਹਰ ਸਿੱਖ ਅਤੇ ਖਾਸਕਰ ਨੌਜੁਆਨ ਪੀੜ੍ਹੀ ਨੂੰ ਆਪਣੇ ਜ਼ੁੰਮੇਵਾਰੀ ਦੇ ਅਹਿਸਾਸ ਪ੍ਰਤੀ ਚੇਤੰਨ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਉਦੋਂ ਇਸ ਅਹਿਸਾਸ ਹੋਰ ਵੀ ਵੱਧ ਜਾਂਦਾ ਹੈ, ਜਦੋਂ ਦੇਸ਼ ਅੰਦਰ ਮੁੜ ਤੋਂ ਧਰਮ, ਭਾਸ਼ਾ, ਰਾਜਨੀਤੀ, ਆਰਥਿਕਤਾ, ਸਿੱਖਿਆ ਅਤੇ ਸੱਭਿਆਚਾਰ ਵਾਲੀ ਕੁਦਰਤੀ ਵੰਨਸੁਵੰਨਤਾ ਨੂੰ ਖ਼ਤਮ ਕਰਕੇ ਇਕਸਾਰਤਾ ਲਿਆਉਣ ਦੇ ਨਾਂ ਹੇਠ ਜਬਰ ਜੁਲਮ ਤੇ ਵਿਤਕਰੇਬਾਜ਼ੀ ਦੀ ਲਹਿਰ ਤੇਜ਼ ਹੋਣ ਲੱਗੇ, ਜਦੋਂ ਘੱਟਗਿਣਤੀਆਂ, ਅਨੁਸੂਚਿਤ ਵਰਗਾਂ, ਆਦਿਵਾਸੀਆਂ ਸਮੇਤ ਹਰ ਆਮ ਨਾਗਰਿਕ ਦੇ ਬੋਲਣ, ਪੜ੍ਹਣ ਅਤੇ ਲਿਖਣ ਦੇ ਅਧਿਕਾਰਾਂ ਖੋਹੇ ਜਾ ਰਹੇ ਹੋਣ, ਜਦੋਂ ਅਸਹਿਮਤੀ ਦੀ ਅਵਾਜ਼ ਨੂੰ ਰਾਜਸੀ ਤਾਕਤ ਦੇ ਜ਼ੋਰ ਨਾਲ ਬੰਦ ਕਰਾਇਆ ਜਾ ਰਿਹਾ ਹੋਵੇ, ਜਦੋਂ ਨਵੇਂ-ਨਵੇਂ ਕਾਲੇ ਕਾਨੂੰਨ ਲਿਆ ਕੇ ਬੁੱਧੀਜੀਵੀਆਂ ਸਮੇਤ ਆਮ ਨਾਗਰਿਕਾਂ ਨੂੰ ਜ਼ੇਲ੍ਹਾਂ ਵਿਚ ਬੰਦ ਕਰਨ ਦੀ ਪ੍ਰੀਕਿਆ ਵਿਚ ਵਾਧਾ ਹੋਣ ਦਾ ਚਿੰਤਾਜਨਕ ਵਰਤਾਰਾ ਵਾਪਰ ਰਿਹਾ ਹੋਵੇ, ਜਦੋਂ 35-35 ਸਾਲਾਂ ਤੋਂ ਸਿੱਖ ਕੈਦੀਆਂ ਨੂੰ ਜ਼ੇਲ੍ਹਾਂ ਵਿਚ ਬੰਦੀ ਬਣਾ ਕੇ ਰੱਖਿਆ ਹੋਵੇ।

ਉਨ੍ਹਾਂ ਕਿਹਾ ਕਿ ਅੱਜ ਕਿਸਾਨ, ਬਜ਼ੁਰਗ, ਬੱਚੇ, ਬੀਬੀਆਂ ਭੈਣਾਂ ਅਤੇ ਨੌਜੁਆਨ ਆਪਣੇ ਵਿਰਾਸਤੀ ਹੱਕਾਂ ਦੀ ਲੜਾਈ ਲਈ ਮੈਦਾਨ ਵਿਚ ਸੰਘਰਸ਼ ਕਰ ਰਹੇ ਹਨ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਇਤਿਹਾਸ ਵਿਚ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕਿਸਾਨਾਂ ਨੂੰ ਜ਼ਮੀਨਾਂ ਦੇ ਮਾਲਕਾਨਾ ਹੱਕ ਦੇਣ ਦੀ ਗੱਲ ਕਰਦਿਆਂ ਕਿਹਾ ਕਿ ਅੱਜ ਕਿਸਾਨਾਂ ਨੂੰ ਉਨ੍ਹਾਂ ਦੀ ਜ਼ਮੀਨਾਂ ਅਤੇ ਉਪਜ 'ਤੇ ਸਰਮਾਏਦਾਰੀ ਧਿਰ ਨੂੰ ਮਜ਼ਬੂਤ ਕਰਨ ਲਈ ਵਰਤਮਾਨ ਹੁਕਮਰਾਨ ਯਤਨਸ਼ੀਲ ਹਨ। ਉਨ੍ਹਾਂ ਖ਼ਾਲਸਾ ਪੰਥ ਨੂੰ ਕਿਸਾਨ ਅੰਦੋਲਨ ਦੇ ਹੱਕ ਵਿਚ ਢਾਲ ਬਣ ਕੇ ਅੱਗੇ ਆਉਣ ਲਈ ਕਿਹਾ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕੋਵਿਡ 19 ਦੌਰਾਨ ਸਿੱਖ ਕੌਮ ਵੱਲੋਂ ਨਿਭਾਈਆਂ ਸੇਵਾਵਾਂ ਦੀ ਵੀ ਸ਼ਲਾਘਾ ਕੀਤੀ।

## ਭਾਈ ਲੌਂਗੋਵਾਲ ਵੱਲੋਂ ਸਮਾਜਿਕ ਕੁਰੀਤੀਆਂ ਵਿਰੁੱਧ ਸੰਘਰਸ਼ਸ਼ੀਲ ਹੋਣ ਦਾ ਸੱਦਾ

ਬੰਦੀ ਛੋੜ ਦਿਵਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਦਰਸ਼ਨੀ ਡਿਓੜੀ ਤੋਂ ਆਪਣੇ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਗਤਾਂ ਨੂੰ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ ਅਤੇ ਮੌਜੂਦਾ ਸਮੇਂ ਫੈਲੀਆਂ ਸਮਾਜਿਕ ਕੁਰੀਤੀਆਂ ਵਿਰੁੱਧ ਸੰਘਰਸ਼ਸ਼ੀਲ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬਾਨ ਦੀ ਸੋਚ ਅਨੁਸਾਰ ਉਸਰੇ ਪੰਜਾਬ ਦੇ ਸੱਭਿਆਚਾਰ ਨੂੰ ਗੰਧਲਾ ਕਰਨ ਵਾਲੀਆਂ ਸ਼ਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਦਾ ਸਫਾਇਆ ਕਰਨਾ ਅੱਜ ਦੀ ਵੱਡੀ ਜ਼ਰੂਰਤ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕੇਂਦਰ ਸਰਕਾਰ ਵੱਲੋਂ ਪਾਸ ਕੀਤੇ ਕਿਸਾਨ ਵਿਰੋਧੀ ਕਾਲੇ ਕਾਨੂੰਨਾਂ ਦੀ ਵੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ। ਉਨ੍ਹਾਂ ਸਿੱਖ ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਕਮੇਟੀ ਦੇ ਸੌ ਸਾਲਾ ਸਥਾਪਨਾ ਦਿਹਾੜੇ ਦੀ ਵੀ ਸਿੱਖ ਜਗਤ ਨੂੰ ਵਧਾਈ ਦਿੱਤੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਪਣੇ ਸੰਬੋਧਨ ਦੌਰਾਨ ਸ਼ਹੀਦ ਭਾਈ ਮਨੀ ਸਿੰਘ ਨੂੰ ਵੀ ਯਾਦ ਕੀਤਾ ਅਤੇ ਉਨ੍ਹਾਂ ਦੇ ਜੀਵਨ ਤੋਂ ਸੰਗਤਾਂ ਅਤੇ ਖ਼ਾਸਕਰ ਸਿੱਖ ਨੌਜੁਆਨੀ ਨੂੰ ਪ੍ਰੇਰਣਾ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸਿੱਖ ਧਰਮ ਅੰਦਰ ਬੰਦੀ ਛੋੜ ਦਿਵਸ ਦੇ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕਰਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਇਸ ਤੋਂ ਇਲਾਵਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ, ਦਮਦਮੀ ਟਕਸਾਲ ਦੇ ਮੁੱਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ ਨੇ ਵੀ ਵਿਚਾਰ ਸਾਂਝੇ ਕਰਦਿਆਂ ਸੰਗਤ ਨੂੰ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ, ਬਾਬਾ ਮਨਮੋਹਨ ਸਿੰਘ ਬਾਰਨ ਵਾਲੇ, ਬਾਬਾ ਗੱਜਣ ਸਿੰਘ, ਗਿਆਨੀ ਸੰਤ ਸਿੰਘ ਮਸਕੀਨ ਦੇ ਸਪੁੱਤਰ ਭਾਈ ਅਮਰਜੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਮੈਨੇਜਰ ਸ. ਮੁਖਤਾਰ ਸਿੰਘ, ਭਾਈ ਸੁਖਜੀਤ ਸਿੰਘ ਘਨੱਈਆ, ਸ. ਬਘੇਲ ਸਿੰਘ, ਸ. ਜਸਪਾਲ ਸਿੰਘ ਢੱਡੇ, ਸ. ਦਰਸ਼ਨ ਸਿੰਘ ਆਦਿ ਮੌਜੂਦ ਸਨ।



ਸ਼ਹੀਦ ਭਾਈ ਤਾਰੂ ਸਿੰਘ ਜੀ ਦੇ 300 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਪਿੰਡ ਪੱਖੋ ਕਲਾਂ (ਬਰਨਾਲਾ) ਵਿਖੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਪਰਮਜੀਤ ਸਿੰਘ ਖਾਲਸਾ ਦੇ ਵਿਸ਼ੇਸ ਉਪਰਾਲੇ ਨਾਲ ਕੇਸਾਂ ਦੀ ਸੰਭਾਲ ਕਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ।

## ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਵਿਰੁੱਧ ਟਿੱਪਣੀਆਂ ਬਰਦਾਸ਼ਤ ਨਹੀਂ ਕਰਾਂਗੇ -ਭਾਈ ਲੌਂਗੋਵਾਲ

ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵਿਰੁੱਧ ਬੀਜੇਪੀ ਆਗੂ ਹਰਜੀਤ ਸਿੰਘ ਗਰੇਵਾਲ ਵੱਲੋਂ ਕੀਤੀਆਂ ਗਈਆਂ ਗੈਰ ਇਖਲਾਕੀ ਟਿੱਪਣੀਆਂ ਦਾ ਸਖਤ ਨੋਟਿਸ ਲੈਂਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਸਿੱਖਾਂ ਲਈ ਸਰਵਉੱਚ ਹੈ ਅਤੇ ਕਿਸੇ ਵੀ ਸਿਆਸੀ ਵਿਅਕਤੀ ਦੀ ਜਥੇਦਾਰ ਸਾਹਿਬ ਵਿਰੁੱਧ ਕੀਤੀ ਗਈ ਟਿੱਪਣੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਗਰੇਵਾਲ ਖੁਦ ਬਿਮਾਰ ਮਾਨਸਿਕਤਾ ਦਾ ਸ਼ਿਕਾਰ ਹੈ ਜਿਸ ਨੂੰ ਦਿਮਾਗੀ ਇਲਾਜ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਸ਼ਖਸੀਅਤਾਂ ਬਾਰੇ ਬੋਲਣ ਸਮੇਂ ਸੱਭਿਅਕ ਭਾਸ਼ਾ ਦੇ ਦਾਇਰੇ ਦਾ ਧਿਆਨ ਰੱਖਣਾ ਚਾਹੀਦਾ ਹੈ। ਜੋ ਵਿਅਕਤੀ ਕਿਸੇ ਧਾਰਮਿਕ ਸ਼ਖਸੀਅਤ ਬਾਰੇ ਗਲਤ ਬੋਲਦਾ ਹੈ ਇਸ ਨਾਲ ਉਸਦਾ ਆਪਣਾ ਦਿਮਾਗੀ ਬੌਣਾਪਣ ਸਾਬਤ ਹੁੰਦਾ ਹੈ।

## ਪੰਥਕ ਸੇਵਕ ਗਿਆਨੀ ਗੁਰਦਿੱਤ ਸਿੰਘ ਜਲਵੇਹੜਾ ਸਬੰਧੀ ਭਾਈ ਲੌਂਗੋਵਾਲ ਵੱਲੋਂ ਪੁਸਤਕ ਜਾਰੀ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪੰਥ ਸੇਵਕ ਗਿਆਨੀ ਗੁਰਦਿੱਤ ਸਿੰਘ ਜਲਵੇਹੜਾ ਦੇ ਜੀਵਨ ਤੇ ਯੋਗਦਾਨ ਸਬੰਧੀ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਡਾ. ਪਰਮਜੀਤ ਸਿੰਘ ਸਰੋਆ ਦੁਆਰਾ ਲਿਖੀ ਪੁਸਤਕ ਸੰਗਤ ਅਰਪਣ ਕੀਤੀ। ਪੁਸਤਕ ਜਾਰੀ ਕਰਨ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਾਲ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀ: ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਮਿੰਦਰ ਸਿੰਘ ਆਦਿ ਮੌਜੂਦ ਸਨ।

ਇਸ ਮੌਕੇ ਭਾਈ ਲੌਂਗੋਵਾਲ ਨੇ ਕਿਹਾ ਕਿ ਪੰਥਕ ਸ਼ਖ਼ਸੀਅਤਾਂ ਦਾ ਜੀਵਨ ਹਮੇਸ਼ਾ ਪੰਥ ਦੀ ਚੜ੍ਹਦੀ ਕਲਾ ਨੂੰ ਸਮਰਪਿਤ ਹੁੰਦਾ ਹੈ ਅਤੇ ਅਜਿਹੀਆਂ ਸ਼ਖ਼ਸੀਅਤਾਂ ਵਿੱਚੋਂ ਹੀ ਗਿਆਨੀ ਗੁਰਦਿੱਤ ਸਿੰਘ ਜਲਵੇਹੜਾ ਵੀ ਇਕ ਹਨ। ਉਨ੍ਹਾਂ ਕਿਹਾ ਕਿ ਗਿਆਨੀ ਜਲਵੇਹੜਾ ਸਬੰਧੀ ਡਾ. ਪਰਮਜੀਤ ਸਿੰਘ ਸਰੋਆ ਵੱਲੋਂ ਪੁਸਤਕ ਜਿਥੇ ਸੰਗਤਾਂ ਨੂੰ ਪੰਥਕ ਸ਼ਖ਼ਸੀਅਤ ਦੀ ਦੇਣ ਬਾਰੇ ਜਾਣਕਾਰੀ ਦੇਵੇਗੀ, ਉਥੇ ਹੀ ਇਤਿਹਾਸ ਅਤੇ ਸਿੱਖ ਸਰੋਕਾਰਾਂ ਬਾਰੇ ਖੋਜ ਕਰਨ ਵਾਲੇ ਖੋਜਾਰਥੀਆਂ ਲਈ ਵੀ ਲਾਹੇਵੰਦ ਸਾਬਤ ਹੋਵੇਗੀ।

ਇਸ ਮੌਕੇ ਡਾ. ਅਮਰਜੀਤ ਸਿੰਘ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਸਤਸਰੂਪ ਸਿੰਘ ਸਾਬਕਾ ਆਈ.ਜੀ., ਬੀਬੀ ਵਰਿੰਦਰ ਕੌਰ, ਸ. ਤੇਜਿੰਦਰ ਸਿੰਘ ਅਤੇ ਬੀਬੀ ਸ਼ਾਕਸ਼ੀ ਕੌਰ ਵੀ ਮੌਜੂਦ ਸਨ।

ਦੱਸਣਯੋਗ ਹੈ ਕਿ ਗਿਆਨੀ ਗੁਰਦਿੱਤ ਸਿੰਘ ਜਲਵੇਹੜਾ ਦਾ ਗੁਰਦੁਆਰਾ ਸੁਧਾਰ ਲਹਿਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸਥਾਪਨਾ ਵਿਚ ਯੋਗਦਾਨ ਰਿਹਾ। ਗੁਰੂ ਕੇ ਬਾਗ ਦਾ ਮੋਰਚਾ, ਜੈਤੋ ਦਾ ਮੋਰਚਾ ਅਤੇ ਰਹਿਤ ਮਰਯਾਦਾ ਦੀ ਕਾਇਮੀ ਵਿਚ ਉਨ੍ਹਾਂ ਨੇ ਯੋਗਦਾਨ ਪਾਇਆ। ਉਹ 1939 ਈ: ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਚੁਣੇ ਗਏ ਅਤੇ 1946 ਈਸਵੀ ਨੂੰ ਅੰਤ੍ਰਿੰਗ ਮੈਂਬਰ ਵੀ ਬਣੇ। ਉਨ੍ਹਾਂ ਨੇ ਪੰਜਾਬੀ ਸੂਬਾ ਮੋਰਚੇ ਵਿਚ ਵੀ ਹਿੱਸਾ ਲਿਆ ਅਤੇ ਗ੍ਰਿਫ਼ਤਾਰੀ ਦਿੱਤੀ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਲਕਾ ਪਠਾਨਕੋਟ ਦੇ ਪਿੰਡ ਮੈਰਾ ਸੁਜਾਨਪੁਰ ਵਿਖੇ ਬੱਚਿਆਂ ਦੇ ਦਸਤਾਰ ਮੁਕਾਬਲੇ ਕਰਵਾਏ ਗਏ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਅਮਰੀਕ ਸਿੰਘ ਚਿੱਟੀ, ਭਾਈ ਜਗਦੇਵ ਸਿੰਘ ਪਠਾਨਕੋਟ ਅਤੇ ਕਵੀਸ਼ਰ ਭਾਈ ਅਜੀਤ ਸਿੰਘ ਵੱਲੋਂ ਬੱਚਿਆਂ ਨੂੰ ਦਸਤਾਰ ਮੁਕਾਬਲੇ ਲਈ ਪ੍ਰੇਰਨਾ ਕੀਤੀ ਗਈ। ਇਨ੍ਹਾਂ ਮੁਕਾਬਲਿਆਂ ਸਮੇਂ ਬੱਚਿਆਂ ਨੇ ਭਾਰੀ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ।

## ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਜੀ ਕੱਥੂਨੰਗਲ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਕੱਥੂਨੰਗਲ- ਬਾਬਾ ਬੁੱਢਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਜੀ ਕੱਥੂਨੰਗਲ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਜਿਥੇ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਉਥੇ ਪ੍ਰਚਾਰਕ, ਢਾਡੀ ਤੇ ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਇਤਿਹਾਸ ਦੇ ਨਾਲ ਜੋੜਿਆ। ਇਸ ਮੌਕੇ ਵਿਸ਼ੇਸ ਤੌਰ ਤੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਸੰਚਾਰ ਦੀ ਸੇਵਾ ਨਿਭਾਈ। ਇਸ ਮੌਕੇ 44 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਪ੍ਰਚਾਰਕ ਭਾਈ ਦਿਲਬਾਗ ਸਿੰਘ ਭੰਗਾਲੀ, ਭਾਈ ਮਨਦੀਪ ਸਿੰਘ ਅਬਦਾਲ, ਭਾਈ ਗੁਰਵਿੰਦਰ ਸਿੰਘ ਭੰਗਵਾਂ ਤੇ ਭਾਈ ਇੰਦਰਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।